ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 28 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੭ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਾਕਿਸਤਾਨੀ ਪ੍ਰਧਾਨ ਮੰਤਰੀ ਦਫਤਰ ਨੇੜੇ ਏਅਰ ਸਟ੍ਰਾਈਕ ! 4 ਮਿਲਟਰੀ ਬੇਸ, ਕਮਾਂਡ ਸੈਂਟਰ ਤਬਾਹ

**ਇਸਲਾਮਾਬਾਦ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਆਂਢੀ ਦੇਸ਼ਾਂ ਵਿਚਾਲੇ ਵਧਦੇ ਤਣਾਅ ਦਰਮਿਆਨ ਅਫ਼ਗਾਨਿਸਤਾਨ ਨੇ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ’ਤੇ ਵੱਡਾ ਹਵਾਈ ਹਮਲਾ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਅਫ਼ਗਾਨਿਸਤਾਨ ਨੇ ਆਪਣੀ ਹਵਾਈ ਸ਼ਕਤੀ ਦਾ ਪ੍ਰਦਰਸ਼ਨ ਕਰਦੇ ਹੋਏ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਦਫ਼ਤਰ ਤੋਂ ਮਹਿਜ਼ 5 ਕਿਲੋਮੀਟਰ ਦੀ ਦੂਰੀ ’ਤੇ ਸਥਿਤ ਫੌਜੀ ਕੈਂਪ ਨੂੰ ਨਿਸ਼ਾਨਾ ਬਣਾਇਆ ਹੈ। ਮਿਲੀ ਜਾਣਕਾਰੀ ਮੁਤਾਬਕ ਇਹ ਹਮਲਾ 27 ਫਰਵਰੀ 2026 ਨੂੰ ਸਵੇਰੇ ਲਗਭਗ 11 ਵਜੇ ਕੀਤਾ ਗਿਆ। ਅਫ਼ਗਾਨਿਸਤਾਨ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਇਸਲਾਮਾਬਾਦ, ਨੌਸ਼ਹਿਰਾ, ਐਬਟਾਬਾਦ ਅਤੇ ਜਮਰੂਦ ’ਚ ਪਾਕਿਸਤਾਨੀ ਫੌਜੀ ਟਿਕਾਣਿਆਂ ’ਤੇ ਹਮਲੇ ਕੀਤੇ ਹਨ। ਅਫ਼ਗਾਨ ਹਵਾਈ ਸੈਨਾ ਮੁਤਾਬਕ, ਇਹ ਕਾਰਵਾਈ ਪਾਕਿਸਤਾਨ ਵੱਲੋਂ ਕਾਬੁਲ, ਕੰਧਾਰ ਅਤੇ ਪਕਤੀਆ ਵਿੱਚ ਕੀਤੀ ਗਈ ਏਅਰ ਸਟ੍ਰਾਈਕ ਦਾ ਜਵਾਬ ਹੈ। ਦੂਜੇ ਪਾਸੇ, ਪਾਕਿਸਤਾਨ ਦੇ ਸੂਚਨਾ ਮੰਤਰੀ ਅੱਤਾਉੱਲ੍ਹਾ ਤਰਾਰ ਨੇ ਮੰਨਿਆ ਹੈ ਕਿ ਅਫ਼ਗਾਨਿਸਤਾਨ ਵੱਲੋਂ ਡਰੋਨ ਹਮਲੇ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਉਨ੍ਹਾਂ ਦਾ ਦਾਅਵਾ ਹੈ ਕਿ ਪਾਕਿਸਤਾਨੀ ਐਂਟੀ-ਡਰੋਨ ਸਿਸਟਮ ਨੇ ਇਨ੍ਹਾਂ ਨੂੰ ਸਫ਼ਲਤਾਪੂਰਵਕ ਮਾਰ ਗਿਰਾਇਆ ਅਤੇ ਕੋਈ ਨੁਕਸਾਨ ਨਹੀਂ ਹੋਣ ਦਿੱਤਾ। ਅਫ਼ਗਾਨਿਸਤਾਨ ਦੇ ਗ੍ਰਹਿ ਮੰਤਰਾਲੇ ਦੀ ਬਾਰਡਰ ਪੁਲਸ ਦੇ ਬੁਲਾਰੇ ਅਬਦੁੱਲਾ ਫਾਰੂਕੀ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਦੇ ਡਰੋਨ ਪਾਕਿਸਤਾਨ ਦੇ ਪਾਵਰ ਕੋਰੀਡੋਰ ਤੱਕ ਪਹੁੰਚਣ ਵਿੱਚ ਕਾਮਯਾਬ ਰਹੇ ਹਨ, ਜਿਸ ਨਾਲ ਪਾਕਿਸਤਾਨੀ ਪ੍ਰਸ਼ਾਸਨ ਵਿੱਚ ਭਾਰੀ ਹਲਚਲ ਮਚ ਗਈ ਹੈ।

## ਪੰਜਾਬ ਤੇ ਚੰਡੀਗੜ੍ਹ ’ਚ ਫਿਰ ਬੰਬ ਨਾਲ ਉਡਾਉਣ ਦੀਆਂ ਧਮਕੀਆਂ

# ਈਮੇਲਾਂ ’ਚ ਦਿੱਤੀ ਗਈ ਚਿਤਾਵਨੀ

**ਚੰਡੀਗੜ੍ਹ/ਅੰਮ੍ਰਿਤਸਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਸਥਿਤ ਪੰਜਾਬ ਸਕੱਤਰੇਤ ਅਤੇ ਸਕੂਲਾਂ ਨੂੰ ਬੰਬ ਦੀ ਧਮਕੀ ਮਿਲੀ ਹੈ। ਦੋ ਸਕੂਲ ਪ੍ਰਬੰਧਕਾਂ ਨੂੰ ਧਮਕੀ ਭਰੀਆਂ ਈਮੇਲਾਂ ਤੋਂ ਬਾਅਦ, ਇੱਕ ਸਕੂਲ ਨੇ ਵਿਦਿਆਰਥੀਆਂ ਨੂੰ ਛੁੱਟੀ ਦੇ ਦਿੱਤੀ ਅਤੇ ਉਨ੍ਹਾਂ ਨੂੰ ਘਰ ਭੇਜ ਦਿੱਤਾ। ਸ਼ਿਕਾਇਤਾਂ ਮਿਲਣ ਤੋਂ ਬਾਅਦ ਪੁਲਿਸ ਨੇ ਸਕੂਲਾਂ ਵਿੱਚ ਸੁਰੱਖਿਆ ਵਧਾ ਦਿੱਤੀ ਹੈ। ਹਾਸਿਲ ਹੋਈ ਈਮੇਲ ’ਚ ਕਿਹਾ ਗਿਆ ਹੈ ਕਿ ਚੰਡੀਗੜ੍ਹ ਦੇ ਸਕੂਲਾਂ ਨੂੰ 1.11 ਵਜੇ ਤੇ ਪੰਜਾਬ ਸਕੱਤਰੇਤ ’ਚ 3.11 ਵਜੇ ਉਡਾਇਆ ਜਾਵੇਗਾ। ਇਨ੍ਹਾਂ ਹੀ ਨਹੀਂ ਅਗਲੇ ਦੋ ਦਿਨ ਚੰਡੀਗੜ੍ਹ ’ਚ ਧਮਾਕੇ ਕਰਨ ਦੀ ਵੀ ਗੱਲ ਆਖੀ ਗਈ ਹੈ। ਕਾਬਿਲੇਗੌਰ ਹੈ ਕਿ ਪਿਛਲੇ ਕਈ ਦਿਨਾਂ ਤੋਂ ਧਮਕੀ ਭਰੀ ਈਮੇਲਾਂ ਹਾਸਿਲ ਹੋ ਰਹੀਆਂ ਹਨ।




**ਅੰਮ੍ਰਿਤਸਰ ਦੇ ਸਕੂਲਾਂ ਤੇ ਸ਼ਤਾਬਦੀ ਐਕਸਪ੍ਰੈਸ ਟ੍ਰੇਨ ਨੂੰ ਬੰਬ ਨਾਲ ਉਡਾਉਣ ਦੀ ਆਈ ਧਮਕੀ ਭਰੀ ਈਮੇਲ :** ਪੰਜਾਬ ਵਿੱਚ ਬੰਬ ਧਮਕੀਆਂ ਦਾ ਸਿਲਸਿਲਾ ਜਾਰੀ ਹੈ। ਅੱਜ ਮੁੜ ਤੋਂ ਅੰਮ੍ਰਿਤਸਰ ਦੇ ਸਕੂਲਾਂ ਤੇ ਸ਼ਤਾਬਦੀ ਐਕਸਪ੍ਰੈਸ ਟ੍ਰੇਨ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਧਮਕੀ ’ਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਨੂੰ ਇਨਸਾਫ ਦਵਾਉਣ ਦੀ ਗੱਲ ਆਖੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਈਮੇਲ ’ਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਡੀਪੀਐਸ ਅਤੇ ਮੈਰੀਟੋਰੀਅਸ ਸਣੇ ਵੱਖ-ਵੱਖ ਸਕੂਲਾਂ ਨੂੰ ਧਮਕੀ ਭਰੀ ਈਮੇਲ ਹਾਸਿਲ ਹੋਈ ਹੈ। ਦੱਸ ਦਈਏ ਕਿ ਧਮਕੀ ਭਰੀ ਈਮੇਲ ਮਗਰੋਂ ਅੰਮ੍ਰਿਤਸਰ ਪੁਲਿਸ ਮੈਰੀਟੋਰੀਅਸ ਸਕੂਲ ਪਹੁੰਚੀ ਅਤੇ ਉਨ੍ਹਾਂ ਵੱਲੋਂ ਤਲਾਸ਼ੀ ਅਭਿਆਨ ਚਲਾਇਆ ਗਿਆ। ਸਕੂਲ ਪ੍ਰਬੰਧਕਾਂ ਨਾਲ ਮੀਟਿੰਗ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜਾ ਲਿਆ ਜਾ ਰਿਹਾ ਹੈ। ਨਾਲ ਹੀ ਸਕੂਲ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ। ਫਿਲਹਾਲ ਪੁਲਿਸ ਦੀ ਟੀਮ ਵਾਪਿਸ ਪਰਤ ਗਈ ਹੈ।

## “ਰਣਜੀਤ ਸਿੰਘ ਦਾ ਐਨਕਾਊਂਟਰ ਪੂਰੀ ਤਰ੍ਹਾਂ ਝੂਠਾ”, ਪਾਕਿਸਤਾਨੀ ਗੈਂਗਸਟਰ ਨੇ ਕੀਤਾ ਚੈਲੰਜ


**ਲਾਹੌਰ/ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਸਥਿਤ ਗੈਂਗਸਟਰ ਸ਼ਹਿਜ਼ਾਦ ਭਾਟੀ ਨੇ ਗੁਰਦਾਸਪੁਰ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੀ ਹੱਤਿਆ ਤੋਂ ਬਾਅਦ ਹੋਏ ਪੁਲਿਸ ਮੁਕਾਬਲੇ ’ਤੇ ਸਵਾਲ ਖੜ੍ਹੇ ਕੀਤੇ ਹਨ। ਭੱਟੀ ਨੇ ਦਾਅਵਾ ਕੀਤਾ ਕਿ ਪੰਜਾਬ ਪੁਲਿਸ ਵੱਲੋਂ ਕੀਤਾ ਗਿਆ ਮੁਕਾਬਲਾ ਫਰਜ਼ੀ ਸੀ ਅਤੇ ਇਲਜ਼ਾਮ ਲਗਾਇਆ ਕਿ ਰਣਜੀਤ ਸਿੰਘ ਨੂੰ ਆਪ੍ਰੇਸ਼ਨ ਦੌਰਾਨ ਬੇਕਸੂਰ ਮਾਰਿਆ ਗਿਆ ਸੀ। ਭੱਟੀ ਨੇ ਸੋਸ਼ਲ ਮੀਡੀਆ ’ਤੇ ਇੱਕ ਕਥਿਤ ਵੀਡੀਓ ਜਾਰੀ ਕੀਤਾ, ਜਿਸਦੀ ਪਛਾਣ “shahzadbhatti333444” ਵਜੋਂ ਕੀਤੀ ਗਈ ਹੈ। ਹਾਲਾਂਕਿ, ‘ਆਵਾਜ਼ਿ ਕੌਮ ਯੂ.ਕੇ.’ ਆਡੀਓ ਦੀ ਪੁਖਤਾ ਹੋਣ ਬਾਰੇ ਕਿਸੇ ਤਰ੍ਹਾਂ ਪੁਸ਼ਟੀ ਨਹੀਂ ਕਰਦਾ ਹੈ। ਗੈਂਗਸਟਰ ਭੱਟੀ ਨੇ ਆਪਣੇ ਇੰਸਟਾਗ੍ਰਾਮ ਪੇਜ ’ਤੇ ਜਾਰੀ ਆਡੀਓ ਵਿੱਚ ਦਾਅਵਾ ਕੀਤਾ ਕਿ ਉਹ ਜਾਣਦਾ ਹੈ ਕਿ ਗੁਰਦਾਸਪੁਰ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਕਿਸਨੇ ਕੀਤੇ ਅਤੇ ਉਨ੍ਹਾਂ ਨੂੰ ਕਿਸਨੇ ਕਰਵਾਇਆ ? ਉਸ ਨੇ ਐਨਕਾਊਂਟਰ ’ਚ ਮਾਰੇ ਗਏ ਨੌਜਵਾਨ ਦੇ ਘਟਨਾ ਵਿੱਚ ਸ਼ਾਮਲ ਨਾ ਹੋਣ ਦਾ ਦਾਅਵਾ ਕਰਦੇ ਹੋਏ ਕਿਹਾ ਕਿ ਉਸ ਕੋਲ ਮੁਲਜ਼ਮਾਂ ਵਿਰੁੱਧ ਠੋਸ ਸਬੂਤ ਹਨ। ਪਾਕਿਸਤਾਨੀ ਗੈਂਗਸਟਰ ਨੇ ਦੋਸ਼ ਲਗਾਇਆ ਕਿ ਪੰਜਾਬ ਪੁਲਿਸ ਨੂੰ ਇਸ ਮੁਕਾਬਲੇ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ ਅਤੇ ਇਸਦੇ ਲਈ ਸਬੂਤ ਪੇਸ਼ ਕਰਨੇ ਚਾਹੀਦੇ ਹਨ। ਉਸਨੇ ਰਣਜੀਤ ਸਿੰਘ ਦੀ ਮਾਂ ਪ੍ਰਤੀ ਹਮਦਰਦੀ ਵੀ ਪ੍ਰਗਟ ਕੀਤੀ, ਕਿਹਾ ਕਿ ਉਹ ਉਸਦਾ ਦੁੱਖ ਨਹੀਂ ਦੇਖ ਸਕਦਾ ਕਿਉਂਕਿ ਉਹ ਬਹੁਤ ਦੁਖੀ ਸੀ ਅਤੇ ਬੇਕਾਬੂ ਹੋ ਕੇ ਰੋ ਰਹੀ ਸੀ।



## ਸਾਬਕਾ ਉਪ-ਰਾਸ਼ਟਰਪਤੀ ਜਗਦੀਪ ਧਨਖੜ ਦੇ ਵਿਵਾਦਿਤ ਬਿਆਨ ਨਾਲ ਸਿਆਸੀ ਤੇ ਸਮਾਜਿਕ ਹਲਚਲ

**ਨਵੀਂ ਦਿੱਲੀ, 25 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਉਪ-ਰਾਸ਼ਟਰਪਤੀ ਜਗਦੀਪ ਧਨਖੜ ਆਪਣੇ ਇੱਕ ਵਿਵਾਦਿਤ ਬਿਆਨ ਕਾਰਨ ਚਰਚਾ ਵਿੱਚ ਆ ਗਏ ਹਨ। ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲਬਾਤ ਦੌਰਾਨ ਉਨ੍ਹਾਂ ਕਿਹਾ—

“ਅੱਜਕੱਲ੍ਹ ਦਾਢੀ ਵਾਲਿਆਂ ਨੂੰ ਵੇਖ ਕੇ ਡਰ ਲੱਗਦਾ ਹੈ।”




ਇਹ ਬਿਆਨ ਸਾਹਮਣੇ ਆਉਂਦੇ ਹੀ ਸੋਸ਼ਲ ਮੀਡੀਆ ’ਤੇ ਤੇਜ਼ੀ ਨਾਲ ਵਾਇਰਲ ਹੋ ਗਿਆ, ਜਿਸ ਤੋਂ ਬਾਅਦ ਸਿਆਸੀ ਅਤੇ ਧਾਰਮਿਕ ਮੰਡਲਾਂ ਵਿੱਚ ਗਰਮਾਹਟ ਪੈਦਾ ਹੋ ਗਈ ਹੈ।

**ਸੋਸ਼ਲ ਮੀਡੀਆ ’ਤੇ ਤਿੱਖੀਆਂ ਪ੍ਰਤੀਕਿਰਿਆਵਾਂ**-ਕਈ ਯੂਜ਼ਰਾਂ ਅਤੇ ਸਮਾਜਿਕ ਸੰਗਠਨਾਂ ਨੇ ਇਸ ਬਿਆਨ ਨੂੰ ਇੱਕ ਖ਼ਾਸ ਵਰਗ ਵਿਰੁੱਧ ਪੱਖਪਾਤੀ ਅਤੇ ਅਪਮਾਨਜਨਕ ਕਰਾਰ ਦਿੱਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਅਜਿਹੇ ਬਿਆਨ ਸਮਾਜ ਵਿੱਚ ਨਫ਼ਰਤ ਅਤੇ ਵੰਡ ਨੂੰ ਵਧਾਉਂਦੇ ਹਨ। ਹਾਲਾਂਕਿ ਕੁਝ ਲੋਕਾਂ ਨੇ ਦਲੀਲ ਦਿੱਤੀ ਹੈ ਕਿ ਬਿਆਨ ਨੂੰ ਸੰਦਰਭ ਤੋਂ ਬਾਹਰ ਕੱਢ ਕੇ ਪੇਸ਼ ਕੀਤਾ ਜਾ ਰਿਹਾ ਹੈ।

**ਵਿਰੋਧੀ ਧਿਰ ਦਾ ਹਮਲਾ**-ਵਿਰੋਧੀ ਪਾਰਟੀਆਂ ਨੇ ਇਸ ਟਿੱਪਣੀ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸੰਵਿਧਾਨਕ ਅਹੁਦਿਆਂ ’ਤੇ ਰਹਿ ਚੁੱਕੇ ਨੇਤਾਵਾਂ ਨੂੰ ਜ਼ਿੰਮੇਵਾਰ ਭਾਸ਼ਾ ਵਰਤਣੀ ਚਾਹੀਦੀ ਹੈ। ਕਈ ਨੇਤਾਵਾਂ ਨੇ ਧਨਖੜ ਤੋਂ ਸਪਸ਼ਟੀਕਰਨ ਜਾਂ ਮਾਫ਼ੀ ਦੀ ਮੰਗ ਵੀ ਕੀਤੀ ਹੈ।

**ਫਿਲਹਾਲ ਕੋਈ ਸਪਸ਼ਟੀਕਰਨ ਨਹੀਂ**-ਖ਼ਬਰ ਲਿਖੇ ਜਾਣ ਤੱਕ, ਜਗਦੀਪ ਧਨਖੜ ਵੱਲੋਂ ਇਸ ਵਿਵਾਦ ’ਤੇ ਕੋਈ ਸਰਕਾਰੀ ਬਿਆਨ ਜਾਂ ਸਫ਼ਾਈ ਸਾਹਮਣੇ ਨਹੀਂ ਆਈ। ਮਾਮਲਾ ਹਾਲੇ ਵੀ ਚਰਚਾ ਦਾ ਕੇਂਦਰ ਬਣਿਆ ਹੋਇਆ ਹੈ।

## ਸ਼੍ਰੋਮਣੀ ਕਮੇਟੀ ਵੱਲੋਂ ਗਿਆਨੀ ਰਘਬੀਰ ਸਿੰਘ ’ਤੇ ਸੁਣਾਏ ਫ਼ੈਸਲੇ ਬਾਰੇ ਕੁਲਦੀਪ ਸਿੰਘ ਗੜਗੱਜ ਦਾ ਵੱਡਾ ਬਿਆਨ

**ਸ੍ਰੀ ਕੀਰਤਪੁਰ ਸਾਹਿਬ/ਅੰਮ੍ਰਿਤਸਰ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੀਤੇ ਦਿਨ ਐੱਸ. ਜੀ. ਪੀ. ਸੀ. ਵੱਲੋਂ ਗਿਆਨੀ ਰਘਬੀਰ ਸਿੰਘ ’ਤੇ ਸੁਣਾਏ ਫ਼ੈਸਲੇ ਨੂੰ ਲੈ ਕੇ ਵੱਡਾ ਬਿਆਨ ਦਿੱਤਾ ਹੈ। ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਐੱਸ. ਜੀ. ਪੀ. ਸੀ. ਦਾ ਮਸਲਾ ਹੈ ਅਤੇ ਜੋ ਵੀ ਕੀਤਾ ਹੈ, ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਲਾਏ ਗਏ ਇਲਜ਼ਾਮਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ ਅਤੇ ਸੱਚ ਦੁਨੀਆ ਦੇ ਸਾਹਮਣੇ ਲਿਆਉਣਾ ਚਾਹੀਦਾ ਹੈ। ਇਸ ਦੇ ਨਾਲ ਹੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਖ਼ਾਸ ਕਰਕੇ ਗੁਰਦਾਸਪੁਰ ਦੀ ਘਟਨਾ ’ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਲੋਕਤੰਤਰ ’ਚ ਕਾਨੂੰਨ ਦਾ ਰਾਜ ਹੋਣਾ ਚਾਹੀਦਾ ਹੈ ਅਤੇ ਜੇਕਰ ਕੋਈ ਅਪਰਾਧ ਕਰਦਾ ਹੈ ਤਾਂ ਉਸ ਨੂੰ ਸਜ਼ਾ ਦੇਣ ਦਾ ਅਧਿਕਾਰ ਸਿਰਫ਼ ਅਦਾਲਤਾਂ ਕੋਲ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਪੁਲਸ ਨੂੰ ਲੋੜ ਤੋਂ ਵੱਧ ਤਾਕਤਾਂ ਮਿਲ ਜਾਂਦੀਆਂ ਹਨ ਅਤੇ ਉਹ ਖ਼ੁਦ ਹੀ ਫ਼ੈਸਲੇ ਕਰਨ ਲੱਗਦੀ ਹੈ ਤਾਂ ਆਮ ਲੋਕਾਂ ਦੀ ਜ਼ਿੰਦਗੀ ਸੁਖਾਲੀ ਨਹੀਂ ਰਹਿੰਦੀ। ਉਨ੍ਹਾਂ ਨੇ ਗੁਰਦਾਸਪੁਰ ਘਟਨਾ ਦੀ ਨਿਰਪੱਖ ਅਤੇ ਸੀ. ਬੀ. ਆਈ. ਜਾਂਚ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਬੀਤੇ ਦਿਨ ਐੱਸ. ਜੀ. ਪੀ. ਸੀ. ਵੱਲੋਂ ਗਿਆਨੀ ਰਘਬੀਰ ਸਿੰਘ ’ਤੇ ਸੁਣਾਏ ਫ਼ੈਸਲੇ ਬਾਰੇ ਬੋਲਦੇ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਐੱਸ. ਜੀ. ਪੀ. ਸੀ. ਦਾ ਮਸਲਾ ਹੈ ਅਤੇ ਜੋ ਵੀ ਕੀਤਾ ਹੈ, ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਲਾਏ ਗਏ ਇਲਜ਼ਾਮਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ ਅਤੇ ਸੱਚ ਦੁਨੀਆ ਦੇ ਸਾਹਮਣੇ ਲਿਆਉਣਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿੱਤੇ ਗਏ ਸਬੂਤਾਂ ਦੇ ਦੋ ਬੈਗਾਂ ਬਾਰੇ ਪੁੱਛੇ ਜਾਣ ’ਤੇ ਜਥੇਦਾਰ ਨੇ ਕਿਹਾ ਕਿ ਉਨ੍ਹਾਂ ਵਿੱਚ ਕੋਈ ਖ਼ਾਸ ਸਬੂਤ ਨਹੀਂ ਹਨ। ਉਨ੍ਹਾਂ ਮੁਤਾਬਕ ਇਹ ਮਹਿਜ਼ ਆਮ ਦਸਤਾਵੇਜ਼ ਹਨ ਜਿਵੇਂ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਜਾਂ ਹੋਰ ਅਦਾਰਿਆਂ ਨੂੰ ਜਾਰੀ ਕੀਤੇ ਫੰਡਾਂ ਦੇ ਮਤੇ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ’ਚ ਕੁਝ ਗੰਭੀਰ ਹੁੰਦਾ ਤਾਂ ਉਹ ਕਮੇਟੀ ਜ਼ਰੂਰ ਬਣਾਉਂਦੇ।



**ਬੇਅਦਬੀ ਮਾਮਲਿਆਂ ਦੀ ਜਾਂਚ ਲਈ ‘ਅੰਮ੍ਰਿਤਧਾਰੀ’ ਮੈਂਬਰਾਂ ਦੀ ਲੋੜ :** ਜਥੇਦਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਸਲਿਆਂ ਦੀ ਜਾਂਚ ਕਰਨ ਵਾਲੀ ਸਿੱਟ ਬਾਰੇ ਬੋਲਦਿਆਂ ਕਿਹਾ ਕਿ ਇਸ ਦੇ ਮੈਂਬਰ ਅੰਮ੍ਰਿਤਧਾਰੀ ਹੋਣੇ ਚਾਹੀਦੇ ਹਨ। ਉਨ੍ਹਾਂ ਤਰਕ ਦਿੱਤਾ ਕਿ ਅੰਮ੍ਰਿਤਧਾਰੀ ਸਿੰਘਾਂ ਨੂੰ ਸਿੱਖ ਮਰਿਆਦਾ ਬਾਰੇ ਬਿਹਤਰ ਜਾਣਕਾਰੀ ਹੁੰਦੀ ਹੈ, ਜਿਸ ਦੀ ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਬਹੁਤ ਜ਼ਰੂਰਤ ਹੈ।

**ਕੀਰਤਨ ਮਰਿਆਦਾ ਅਤੇ ਦਿੱਲੀ ਕਮੇਟੀ ਬਾਰੇ ਸਪੱਸ਼ਟੀਕਰਨ :** ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀਆਂ ਵੀਡੀਓਜ਼, ਜਿਨ੍ਹਾਂ ’ਚ ਕੀਰਤਨ ਦੌਰਾਨ ਸ਼ੋਰ-ਸ਼ਰਾਬਾ ਜਾਂ ਹੂਕਾਂ ਮਾਰਨ ਦੀ ਗੱਲ ਸਾਹਮਣੇ ਆਈ ਹੈ, ’ਤੇ ਜਥੇਦਾਰ ਨੇ ਕਿਹਾ ਕਿ ਕੀਰਤਨ ਸਿੱਖ ਰਹਿਤ ਮਰਿਆਦਾ ਅਨੁਸਾਰ ਰੂਹਾਨੀ ਮਾਹੌਲ ਵਿੱਚ ਹੋਣਾ ਚਾਹੀਦਾ ਹੈ। ਅਜਿਹਾ ਸ਼ੋਰ-ਸ਼ਰਾਬਾ ਗਲਤ ਹੈ ਅਤੇ ਸ਼ਿਕਾਇਤ ਮਿਲਣ ’ਤੇ ਸਬੰਧਤ ਵਿਅਕਤੀਆਂ ਨੂੰ ਸੱਦ ਕੇ ਸਮਝਾਇਆ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦਿੱਲੀ ਕਮੇਟੀ ਦੇ ਮੈਂਬਰਾਂ ਵੱਲੋਂ ਹੁਕਮ ਅਦੂਲੀ ਕਰਨ ਅਤੇ ਉਨ੍ਹਾਂ ਨੂੰ ਅਕਾਲ ਤਖ਼ਤ ਸਾਹਿਬ ’ਤੇ ਸੱਦੇ ਜਾਣ ਦੀ ਵੀ ਪੁਸ਼ਟੀ ਕੀਤੀ।

## ਪੰਜਾਬ ’ਚ ਵੱਡੀ ਵਾਰਦਾਤ, ਮਾਨਸਾ ’ਚ ਵਪਾਰੀ ਤੇ ਉਸ ਦੇ ਮੁਲਾਜ਼ਮ ਦਾ ਕਤਲ, ਫਾਰਮ ਹਾਊਸ ’ਚ ਵੜ ਗੋਲੀਆਂ ਨਾਲ ਭੁੰਨੇ



**ਮਾਨਸਾ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਕਤਲ, ਫਿਰੌਤੀ, ਲੁੱਟ-ਖੋਹ ਦੀਆਂ ਨਿੱਤ ਦਿਨ ਹੋ ਰਹੀਆਂ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਸੂਬੇ ’ਚ ਚਿੱਟੇ ਦਿਨ ਅਪਰਾਧੀ ਕਿਸੇ ਨੂੰ ਵੀ ਕਤਲ ਕਰਕੇ ਫਰਾਰ ਹੋ ਜਾਂਦੇ ਹਨ। ਤਾਜ਼ਾ ਮਾਮਲਾ, ਮਾਨਸਾ ਦੇ ਸਰਦੂਲਗੜ੍ਹ ਤੋਂ ਸਾਹਮਣੇ ਆਇਆ ਹੈ, ਜਿਥੇ ਬਦਮਾਸ਼ਾਂ ਨੇ ਇੱਕ ਵਪਾਰੀ ਅਤੇ ਉਸ ਦੇ ਮੁਲਾਜ਼ਮ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਵਪਾਰੀ ਤੇ ਉਸ ਦੇ ਮੁਲਾਜ਼ਮਾਂ ਨੂੰ ਉਸ ਦੇ ਫਾਰਮ ਹਾਊਸ ’ਤੇ ਮੁਲਜ਼ਮਾਂ ਨੇ ਗੋਲੀਆਂ ਨਾਲ ਭੁੰਨਿਆ। ਜਾਣਕਾਰੀ ਅਨੁਸਾਰ, ਕਤਲ ਦੇ ਕਾਰਨਾਂ ਬਾਰੇ ਅਜੇ ਕੁੱਝ ਪਤਾ ਨਹੀਂ ਲੱਗ ਸਕਿਆ ਹੈ। ਮ੍ਰਿਤਕਾਂ ਦੀ ਪਛਾਣ ਕਾਰੋਬਾਰੀ ਜਸਵੀਰ ਸਿੰਘ ਅਤੇ ਉਸਦੇ ਕਰਮਚਾਰੀ ਬਲਦੇਵ ਸਿੰਘ ਵਜੋਂ ਹੋਈ ਹੈ। ਇਸ ਘਟਨਾ ਨਾਲ ਇੱਕ ਵਾਰ ਮੁੜ ਪੰਜਾਬ ’ਚ ਲਾਅ ਐਂਡ ਆਰਡਰ ਦੀ ਸਥਿਤੀ ’ਤੇ ਸਵਾਲ ਖੜੇ ਹੋ ਗਏ ਹਨ। ਦਿਨ ਦਿਹਾੜੇ ਵਾਪਰੀ ਇਸ ਘਟਨਾ ਕਾਰਨ ਲੋਕਾਂ ’ਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਕਤਲ ਦੀ ਸੂਚਨਾ ਮਿਲਣ ’ਤੇ ਪੁਲਿਸ ਮੌਕੇ ’ਤੇ ਪਹੁੰਚ ਗਈ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਐਸਐਸਪੀ ਭਾਗੀਰਥ ਸਿੰਘ ਮੀਣਾ ਨੇ ਦੱਸਿਆ ਕਿ ਦੋ ਲੋਕਾਂ ਦਾ ਕਤਲ ਕੀਤਾ ਗਿਆ ਹੈ। ਪੁਲਿਸ ਦੀ ਇੱਕ ਫੋਰੈਂਸਿਕ ਟੀਮ ਵੀ ਮੌਕੇ ’ਤੇ ਪਹੁੰਚੀ ਹੈ ਅਤੇ ਹਰ ਪਹਿਲੂ ਤੋਂ ਸਬੂਤ ਇਕੱਠੇ ਕਰ ਰਹੀ ਹੈ। ਜਸਬੀਰ ਦੇ ਚਾਚਾ ਸਤਪਾਲ ਸਿੰਘ ਨੇ ਦੱਸਿਆ ਕਿ ਕੁਝ ਲੋਕਾਂ ਨੇ ਇਹ ਕਤਲ 8 ਤੋਂ 8:15 ਦੇ ਵਿਚਕਾਰ ਕੀਤਾ। ਇਸ ਤੋਂ ਬਾਅਦ, ਜਦੋਂ ਸਾਨੂੰ 10:30 ਵਜੇ ਇਸ ਬਾਰੇ ਪਤਾ ਲੱਗਾ, ਤਾਂ ਅਸੀਂ ਮੌਕੇ ’ਤੇ ਪਹੁੰਚੇ। ਪੁੱਤਰ ਉੱਥੇ ਖ਼ੂਨ ਨਾਲ ਲੱਥਪੱਥ ਪਿਆ ਸੀ। ਪੁਲਿਸ ਪਹਿਲਾਂ ਹੀ ਉੱਥੇ ਪਹੁੰਚ ਚੁੱਕੀ ਸੀ। ਪੁਲਿਸ ਤੋਂ ਮੇਰੀ ਮੰਗ ਹੈ ਕਿ ਪਰਿਵਾਰ ਨੂੰ ਇਨਸਾਫ਼ ਦਿੱਤਾ ਜਾਵੇ। ਜਸਬੀਰ ਨੇ ਕਦੇ ਨਹੀਂ ਦੱਸਿਆ ਕਿ ਕਿਸੇ ਨੇ ਉਸਨੂੰ ਧਮਕੀ ਦਿੱਤੀ ਹੈ। ਕੀ ਉਸਦੀ ਕਦੇ ਕਿਸੇ ਨਾਲ ਲੜਾਈ ਹੋਈ ਹੈ। ਚਾਚਾ ਨੇ ਕਿਹਾ ਕਿ ਸਾਡਾ ਕੋਈ ਕਾਰੋਬਾਰ ਹੈ। ਮੈਂ ਕਈ ਦਿਨਾਂ ਤੋਂ ਉਸਦੇ ਸੰਪਰਕ ਤੋਂ ਬਾਹਰ ਸੀ। ਇਸ ਸਮੇਂ ਪੰਜਾਬ ਦਾ ਮਾਹੌਲ ਬਹੁਤ ਖਰਾਬ ਹੋ ਗਿਆ ਹੈ। ਭਤੀਜੇ ਦਾ ਇੱਕ ਛੋਟਾ ਬੱਚਾ ਹੈ, ਉਹ ਚੰਡੀਗੜ੍ਹ ਵਿੱਚ ਪੜ੍ਹਦਾ ਹੈ।




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਪੂਜਾ ਅਕਾਲ ਕੀ ਪਰਚਾ ਸ਼ਬਦ ਕਾ ਦੀਦਾਰ ਖਾਲਸੇ ਕਾ

# ਧਾਰਮਿਕ ਦੀਵਾਨ

ਮਿਤੀ 27-28 ਫਰਵਰੀ 1 ਮਾਰਚ 2026
ਦਿਨ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ
ਸਮਾਂ: ਦੁਪਹਿਰ 12 ਤੋਂ 3 ਵਜੇ ਤੱਕ

ਸਥਾਨ - ਗੁਰਦੁਆਰਾ ਸਾਹਿਬ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ)
ਤਹਿਸੀਲ ਧੂਰੀ ਜ਼ਿਲਾ ਸੰਗਰੂਰ

ਅੰਮ੍ਰਿਤ ਸੰਚਾਰ 1 ਮਾਰਚ ਦਿਨੇ 12 ਵਜੇ ਹੋਵੇਗਾ ਜੀ
ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਗੁਰਬਾਣੀ ਇਤਿਹਾਸ ਦਾ ਲਾਹਾ ਪ੍ਰਾਪਤ ਕਰੋ ਜੀ

ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ

ਬੇਨਤੀ ਕਰਤਾ -
ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ ਸੇਵਾਦਾਰ ਸਾਧ ਸੰਗਤ
ਅਤੇ ਨਗਰ ਪੰਚਾਇਤ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ



ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ

ਸੰਪਰਕ:-
95017-08405, 94171-709154, 98143-41911, 81950-09160


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV





### ਸੰਗਰੂਰ ਜ਼ਿਲ੍ਹੇ ਦੇ 18 ਜ਼ਿਲ੍ਹਾ ਪ੍ਰੀਸ਼ਦ ਤੇ 162 ਬਲਾਕ ਸੰਮਤੀ ਮੈਂਬਰਾਂ ਨੂੰ ਚੁਕਾਈ ਸਹੁੰ

# ਲੋਕਤੰਤਰਿਕ ਪ੍ਰਣਾਲੀ 'ਚ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦਾ ਅਹਿਮ ਯੋਗਦਾਨ : ਏ.ਡੀ.ਸੀ. ਸੁਖਚੈਨ ਸਿੰਘ ਪਾਪੜਾ





**ਸੰਗਰੂਰ, 27 ਫਰਵਰੀ ( ਰਣਜੀਤ ਸਿੰਘ ਪੇਧਨੀ)**-ਸੰਗਰੂਰ ਜ਼ਿਲ੍ਹੇ ਦੇ ਨਵੇਂ ਚੁਣੇ 18 ਜ਼ਿਲ੍ਹਾ ਪ੍ਰੀਸ਼ਦ ਤੇ 162 ਬਲਾਕ ਸੰਮਤੀ ਮੈਂਬਰਾਂ ਨੂੰ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਖਚੈਨ ਸਿੰਘ ਪਾਪੜਾ ਨੇ ਅਹੁਦੇ ਦੀ ਸਹੁੰ ਚੁਕਾਈ।

ਇਸ ਮੌਕੇ ਏ.ਡੀ.ਸੀ. ਸੁਖਚੈਨ ਸਿੰਘ ਪਾਪੜਾ ਨੇ ਬਲਾਕ ਸੰਮਤੀਆਂ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੋਕਤੰਤਰਿਕ ਪ੍ਰਣਾਲੀ ਵਿੱਚ ਤਿੰਨ ਪੱਧਰੀ ਪੰਚਾਇਤੀ ਰਾਜ ਪ੍ਰਣਾਲੀ ਹੈ।ਉਨ੍ਹਾਂ ਕਿਹਾ ਕਿ ਪਿੰਡ ਦੀ ਪੰਚਾਇਤ ਤੋਂ ਬਾਅਦ ਬਲਾਕ ਸੰਮਤੀ ਅਤੇ ਫ਼ੇਰ ਜ਼ਿਲ੍ਹਾ ਪ੍ਰੀਸ਼ਦ ਪਿੰਡਾਂ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਅਤੇ ਇਕ ਤੋਂ ਵੱਧ ਪਿੰਡਾਂ ਦੇ ਸਾਂਝੇ ਵਿਕਾਸ ਕਾਰਜਾਂ ਨੂੰ ਨੇਪਰੇ ਚੜਾਉਣ ਵਿੱਚ ਬਲਾਕ ਸੰਮਤੀਆਂ ਉੱਤੇ ਅਹਿਮ ਜਿੰਮੇਵਾਰੀ ਹੁੰਦੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 15ਵੇਂ ਵਿੱਤ ਕਮਿਸ਼ਨ ਵਿੱਚ ਹੁਣ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਨੂੰ ਵੀ ਵਿੱਤੀ ਅਧਿਕਾਰ ਵੀ ਪ੍ਰਦਾਨ ਕੀਤੇ ਗਏ ਹਨ, ਜਿਸ ਤਹਿਤ ਬਲਾਕ ਸੰਮਤੀਆਂ 20 ਫੀਸਦੀ ਅਤੇ ਜ਼ਿਲਾ ਪ੍ਰੀਸ਼ਦ 10 ਫੀਸਦੀ ਫੰਡਾਂ ਦੀ ਵਰਤੋਂ ਵਿਕਾਸ ਕਾਰਜਾਂ ਲਈ ਕਰ ਸਕਦੀਆਂ ਹਨ। ਉਹਨਾਂ ਚੁਣੇ ਹੋਏ ਮੈਂਬਰਾਂ ਨੂੰ ਪੰਚਾਇਤੀ ਰਾਜ ਐਕਟ ਨੂੰ ਪੜ੍ਹਨ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਨਾਲ ਹਰੇਕ ਮੈਂਬਰ ਨੂੰ ਆਪਣੀਆਂ ਜਿੰਮੇਵਾਰੀਆਂ, ਅਧਿਕਾਰ ਅਤੇ ਕਰਤੱਬਾਂ ਬਾਰੇ ਜਾਣਕਾਰੀ ਮਿਲੇਗੀ। ਇਸ ਮੌਕੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਕਰਨਲ ਜੇ. ਐਸ ਬੱਗਾ ਨੇ ਦੱਸਿਆ ਕਿ ਅੱਜ ਜ਼ਿਲਾ ਪ੍ਰੀਸ਼ਦ ਦੇ ਮੈਬਰ ਹਰਜਿੰਦਰ ਸਿੰਘ ਕਾਂਝਲਾ ਸਮੇਤ 18 ਮੈਂਬਰਾਂ ਵੱਲੋਂ ਸਹੁੰ ਚੁੱਕੀ ਗਈ ਹੈ, ਜਦ ਕਿ ਬਲਾਕ ਸੰਮਤੀ ਵਿੱਚ ਬਲਾਕ ਸੰਮਤੀ ਸੰਗਰੂਰ ਦੇ 15 ਮੈਂਬਰ, ਸੁਨਾਮ 15, ਸਨਾਮ-2 15, ਅੰਨਦਾਣਾ 16, ਲਹਿਰਾਂ 15, ਭਵਾਨੀਗੜ੍ਹ 15, ਛਾਜਲੀ 19, ਦਿੜਬਾ 18, ਧੂਰੀ 18 ਅਤੇ ਸ਼ੇਰਪੁਰ ਬਲਾਕ ਸੰਮਤੀ ਦੇ 15 ਮੈਂਬਰਾਂ ਨੂੰ ਅੱਜ ਸਹੁੰ ਚੁਕਾਈ ਗਈ ਹੈ। ਸਹੁੰ ਚੁੱਕ ਸਮਾਗਮ ਵਿੱਚ ਡਿਪਟੀ ਸੀ.ਈ.ਓ ਵਨੀਤ ਸ਼ਰਮਾ ਸਮੇਤ ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓਜ਼, ਬਲਾਕ ਸੰਮਤੀ ਮੈਂਬਰ ਰਣਯੋਧ ਸਿੰਘ ਕਾਂਝਲਾ ਹਾਜਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

☛ ਸ਼ਹੀਦੀ ਦਿਵਸ ਬਾਬਾ ਤਾਰਾ ਸਿੰਘ ਸਾਹਿਬ ਜੀ ਵਾਂ ☛ ਸ਼ਹੀਦੀ ਦਿਵਸ ਬਾਬਾ ਬਘੇਲ ਸਿੰਘ ਸਾਹਿਬ ਜੀ ਲੱਧੇਵਾਲ ਅੰਮ੍ਰਿਤਸਰ ਸਾਹਿਬ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਭੁਪਿੰਦਰ ਸਿੰਘ ਕਾਜਲਮੋਰਾਨੋ ਦੇ ਪਰਿਵਾਰ ਵੱਲੋਂ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:00 ਹੋਵੇਗੀ ਅਤੇ ਐਤਵਾਰ ਸਵੇਰੇ 10:00 ਭੋਗ ਪੈਣਗੇ ਉਪਰੰਤ 1 ਵਜੇ ਤੱਕ ਦੀਵਾਨ ਸੱਜਣਗੇ।

☛ ਸ਼ਨਿੱਚਰਵਾਰ 28 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ ਐਤਵਾਰ 1 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਵਿੰਦਰ ਸਿੰਘ ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਫੈਲਕਟੀ ਆੱਫ ਫਿਜ਼ੀਕਲ ਐਜੂਕੇਸ਼ਨ ਨੇ ਜਿੱਤੀ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਓਵਰ ਆਲ ਚੈਂਪੀਅਨਸ਼ਿਪ-2026 (ਲੜਕੇ ਤੇ ਲੜਕੀਆਂ)

# ਸ਼ਿਵਾ ਤੇ ਖੁਸ਼ਦੀਪ ਕੌਰ ਬਣੇ ਬੈਸਟ ਐਥਲੀਟ








**ਤਲਵੰਡੀ ਸਾਬੋ, 27 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੀ 13ਵੀਂ ਐਥਲੈਟਿਕ ਮੀਟ ਸਫਲਤਾ ਪੂਰਵਕ ਸੰਪੰਨ ਹੋਈ, ਜਿਸ ਦੇ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਾਈਸ-ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਇਨਾਮ ਤਕਸੀਮ ਕੀਤੇ। ਇਸ ਮੌਕੇ ਡਾਇਰੈਕਟਰ ਕੈਂਪਸ ਪ੍ਰੋ.(ਡਾ.) ਹਰਜਸਪਾਲ ਸਿੰਘ ਸਿੱਧੂ, ਡੀਨ ਅਕਾਦਮਿਕ ਪ੍ਰੋ. (ਡਾ.) ਜਾਵੇਦ ਅਹਿਮਦ ਖਾਨ, ਡਾਇਰੈਕਟਰ ਸੁਰੱਖਿਆ ਦੇਸ ਰਾਜ ਕੰਬੋਜ, ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ ਅਤੇ ਵਿਦਿਆਰਥੀ ਹਾਜ਼ਿਰ ਹੋਏ। ਓਵਰਆਲ ਚੈਂਪੀਅਨਸ਼ਿਪ ਲੜਕੇ ਅਤੇ ਲੜਕੀਆਂ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ ਨੇ 158 ਅੰਕਾਂ ਨਾਲ ਆਪਣੇ ਨਾਮ ਕੀਤੀ, ਫੈਕਲਟੀ ਆੱਫ ਇੰਜੀਨੀਰਿੰਗ ਅਤੇ ਤਕਨਾਲੋਜੀ 138 ਅੰਕਾਂ ਨਾਲ ਫਸਟ ਰਨਰ ਅੱਪ ਤੇ 88 ਅੰਕਾਂ ਨਾਲ ਫੈਕਲਟੀ ਆੱਫ ਸਾਇਸਜ਼, ਹਿਓਮੈਨਟੀ ਐਂਡ ਲੈਂਗੂਏਜ਼ ਸੈਕੰਡ ਰਨਰ ਅੱਪ ਰਹੇ। ਚੈਂਪੀਅਨਸ਼ਿਪ ਵਿੱਚ ਲੜਕਿਆਂ ਵਿੱਚੋਂ ਸ਼ਿਵਾ ਤੇ ਲੜਕੀਆਂ ਵਿੱਚੋਂ ਖੁਸ਼ਦੀਪ ਕੌਰ ਨੂੰ ਬੈਸਟ ਐਥਲੀਟ ਚੁਣਿਆ ਗਿਆ। ਆਯੋਜਕਾਂ ਵੱਲੋਂ ਬੈਸਟ ਐਥਲੀਟਾਂ ਨੂੰ ਤਗਮਿਆਂ ਦੇ ਨਾਲ-ਨਾਲ 5000-5000 ਰੁਪਏ ਦੇ ਨਗਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਕੈਂਪਸ ਪ੍ਰੋ. (ਡਾ.) ਹਰਜਸਪਾਲ ਸਿੰਘ ਸਿੱਧੂ ਵੱਲੋਂ ਖੁਸ਼ਦੀਪ ਕੌਰ ਨੂੰ 2000 ਰੁਪਏ ਦਾ ਨਗਦ ਇਨਾਮ ਵੀ ਦਿੱਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਿੰਘ ਨੇ ਜੇਤੂਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਕਿਹਾ ਕਿ ਉਹਨਾਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨੇ ਚਾਹੀਦੇ ਹਨ। ਉਹਨਾਂ ਖਿਡਾਰੀਆਂ ਨੂੰ ਲਗਾਤਾਰ ਅਭਿਆਸ, ਸਖ਼ਤ ਮਿਹਨਤ ਅਤੇ ਕੋਚ ਸਾਹਿਬਾਨ ਦੇ ਨਿਰਦੇਸ਼ਾਂ ਦੇ ਪਾਲਣ ਕਰਨ ਦਾ ਮਸ਼ਵਰਾ ਦਿੱਤਾ, ਉਹਨਾਂ ਖਿਡਾਰੀਆਂ ਨੂੰ ਦੇਸ਼ ਦਾ ਭਵਿੱਖ ਦੱਸਦੇ ਹੋਏ ਉਹਨਾਂ ਦੇ ਉਜਵੱਲ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਡਾਇਰੈਕਟਰ ਸਪੋਰਟਸ ਪ੍ਰੋ. (ਡਾ.) ਰਾਜ ਕੁਮਾਰ ਸ਼ਰਮਾ ਨੇ ਐਥਲੈਟਿਕ ਮੀਟ ਦੇ ਨਤੀਜੇ ਦੱਸਦਿਆਂ ਕਿਹਾ ਕਿ ਲੜਕਿਆਂ ਦੀ ਓਵਰ-ਆਲ ਚੈਂਪੀਅਨਸ਼ਿਪ ਫੈਕਲਟੀ ਆੱਫ ਇੰਜੀਨੀਰਿੰਗ ਨੇ 87 ਅੰਕਾਂ ਨਾਲ ਜਿੱਤੀ ਹੈ, ਜਦ ਕਿ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ 78 ਅੰਕਾਂ ਨਾਲ ਫਸਟ ਰਨਰ-ਅੱਪ ਤੇ ਫੈਕਲਟੀ ਆੱਫ ਸਾਇਸਜ਼, ਹਿਓਮੈਨਟੀ ਐਂਡ ਲੈਂਗੂਏਜ਼ 58 ਅੰਕਾਂ ਨਾਲ ਸੈਕੰਡ ਰਨਰ-ਅੱਪ ਰਹੀ। ਲੜਕਿਆਂ ਦੀ ਓਵਰ ਆਲ ਚੈਂਪੀਅਨਸ਼ਿਪ ਦਾ ਖਿਤਾਬ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ ਦੇ ਸਿਰ ਬੱਝਿਆ ਜੋ 80 ਅੰਕਾਂ ਨਾਲ ਜੇਤੂ ਰਹੀ, ਫੈਕਲਟੀ ਆੱਫ ਇੰਜੀਨੀਰਿੰਗ ਅਤੇ ਤਕਨਾਲੋਜੀ 57 ਅੰਕਾਂ ਨਾਲ ਫਸਟ ਰਨਰ-ਅੱਪ ਅਤੇ ਫੈਕਲਟੀ ਆੱਫ ਲਾਅ 44 ਅੰਕਾਂ ਨਾਲ ਸੈਕੰਡ ਰਨਰ-ਅੱਪ ਰਹੀ। ਆਯੋਜਕਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਤਗਮਿਆਂ ਅਤੇ ਫੁੱਲਾਂ ਦੇ ਗੁਲਦਸਤਿਆਂ ਨਾਲ ਸਨਮਾਨਿਤ ਕੀਤਾ ਗਿਆ ਮੰਚ ਸੰਚਾਲਨ ਦੀ ਭੂਮਿਕਾ ਡਿਪਟੀ ਡਾਇਰੈਕਟਰ ਲੋਕ ਸੰਪਰਕ ਲਵਲੀਨ ਸੱਚਦੇਵਾ, ਡਾ. ਜੀਨੀਅਸ ਵਾਲੀਆ ਤੇ ਡਿਪਟੀ ਡਾਇਰੈਕਟਰ ਬਰਾਡਕਾਸਟਿੰਗ ਮਨਪ੍ਰੀਤ ਕੌਰ ਨੇ ਆਪਣੇ ਨਵੇਕਲੇ ਅੰਦਾਜ਼ ਨਾਲ ਬਾਖ਼ੂਬੀ ਨਿਭਾਈ। ਮੁੱਖ ਮਹਿਮਾਨ ਵੱਲੋਂ ਐਥਲੈਟਿਕ ਮੀਟ ਦੀ ਸਮਾਪਤੀ ਦੇ ਐਲਾਨ ਨਾਲ ਸਮਾਰੋਹ ਆਪਣੀ ਸਮਾਪਤਾ ਤੇ ਪੁੱਜਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰੋਫੈਸਰ ਸਿੱਧੂ ਦੀ ਅਗਵਾਈ 'ਚ ਗਰੇਵਾਲ ਸਾਥੀਆਂ ਭਾਜਪਾ 'ਚ ਹੋਏ ਸ਼ਾਮਿਲ

ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋ. ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਵਾਰਡ 17 ਤੋਂ ਸ਼੍ਰੋਮਣੀ ਅਕਾਲੀ ਦਲ ਮਹਿਲਾ ਵਿੰਗ ਦੇ ਆਗੂ ਗੁਰਪ੍ਰੀਤ ਕੌਰ (ਪਤਨੀ ਸੁਖਵਿੰਦਰ ਸਿੰਘ) ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਸਿੱਧੂ ਨੇ ਕਿਹਾ ਕਿਭਾਰਤੀ ਜਨਤਾ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਦੇਖਦਿਆਂ ਹੋਇਆਂ ਲੋਕ ਆਪ ਮੁਹਾਰੇ ਆਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਹਨਾਂ ਕਿਹਾ ਕਿ ਮੋਗਾਵਿਖੇ ਭਾਰਤੀ ਜਨਤਾ ਪਾਰਟੀ ਵੀ ਹੋਣ ਜਾਂ ਹੋਣ ਜਾਂ ਰਹੀ ਮਹਾਰੈਲੀ ਇਤਿਹਾਸ ਸਿਰਜੇਗੀ ਰੈਲੀ ਪ੍ਰਤੀ ਲੋਕਾਂ ਦੇ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ।ਇਸ ਮੌਕੇ ਐਮ ਸੀ, ਨਰਪਿੰਦਰ ਸਿੰਘ ਗੋਰਾ,ਅੰਮ੍ਰਿਤ ਬਰਾੜ ਪਰਵੀਨ ਕੌਰ, ਅਮਨਦੀਪ ਕੌਰ, ਸੁਨੀਤਾ ਅਤੇ ਸ਼ਮਸ਼ੇਰ ਸਿੰਘ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਐਨਕਾਊਂਟਰ ਕਰ ਕੇ ਨੌਜਵਾਨਾਂ ਨੂੰ ਮੌਤ ਦੇ ਘਾਟ ਉਤਾਰਨਾ ਅਤਿ ਨਿੰਦਣਯੋਗ : ਹਾਜੀ ਬਿੱਟੂ ਚੋਹਾਨ

**ਸੰਗਾਲਾ ( ਰਣਜੀਤ ਸਿੰਘ ਪੇਧਨੀ )**- ਗੁਰਦਾਸਪੁਰ ਦੇ ਥਾਣਾ ਦਰਾਂਗਲਾ ਅਧੀਨ ਆਉਂਦੇ ਪਿੰਡ ਆਦੀਆਂ ਵਿਖੇ ਦੋ ਪੁਲਸ ਕਰਮਚਾਰੀਆਂ ਦੇ ਕਤਲ ਮਾਮਲੇ 'ਚ ਲੋੜੀਂਦੇ ਇਕ ਨੌਜਵਾਨ ਰਣਜੀਤ ਸਿੰਘ ਦਾ ਪੁਲਸ ਵੱਲੋਂ ਐਨਕਾਊਂਟਰ ਕੀਤੇ ਜਾਣ ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਨਿਅਰ ਆਗੂ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਨੇ ਕਿਹਾ ਕਿ ਬੀਤੇ ਕੁਝ ਦਿਨ ਪਹਿਲਾਂ ਰਣਜੀਤ ਸਿੰਘ ਦਾ ਕਤਲ ਹੋਇਆ ਹੈ ਅਤੇ ਜੇਕਰ ਅੱਜ ਨਾ ਆਵਾਜ਼ ਚੁੱਕੀ ਤਾਂ ਇਹ ਲੀਹ ਪੈ ਜਾਣੀ ਆ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਓ ਇਕੱਤਰ ਹੋ ਕੇ ਲਾਮਬੰਦ ਹੋਈਏ ਤੇ ਰਣਜੀਤ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਈਏ। ਹਾਜੀ ਬਿੱਟੂ ਨੇ ਅੱਗੇ ਕਿਹਾ ਕਿ ਜੇਕਰ ਰਣਜੀਤ ਸਿੰਘ ਨੇ ਜ਼ੁਰਮ ਕੀਤਾ ਸੀ ਤਾਂ ਅਦਾਲਤਾਂ ਕਿਹੜੇ ਕੰਮ ਨੂੰ ਨੇ ? ਕੀ ਸੰਵਿਧਾਨ - ਕਹਿੰਦਾ ਕਿ ਜਿਹੜਾ ਕਿਸੇ ਦਾ ਕਤਲ ਕਰੇ ਉਸ ਨੂੰ ਗੋਲ਼ੀ ਮਾਰ ਦਿਓ । ਉਹਨਾਂ ਅੱਗੇ ਇਹ ਵੀ ਕਿਹਾ ਕਿ ਕਿਸੇ ਵੀ ਵਿਅਕਤੀ ਦਾ ਕਿੰਨਾ ਵੀ ਕਸੂਰ ਹੋਵੇ ਉਸ ਨਾਲ ਅਜਿਹਾ ਵਰਤਾਰਾ ਨਹੀਂ ਕਰਨਾ ਚਾਹੀਦਾ ਬਲਕਿ ਬਨਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਉਹਨਾਂ ਅੱਗੇ ਕਿਹਾ ਕਿ ਉਹ 19 ਸਾਲ ਦਾ ਨੌਜਵਾਨ ਸੀ ਅਤੇ ਇੰਨੀ ਘੱਟ ਉਮਰ ਦਾ ਮੁੰਡਾ ਪੱਕਾ ਮੁਜ਼ਰਮ ਨਹੀਂ ਹੁੰਦਾ ਸਗੋਂ ਉਹ ਭਟਕਿਆ ਹੋਇਆ ਹੁੰਦਾ ਹੈ, ਇਸ ਲਈ ਉਸਨੂੰ ਸੁਧਰਨ ਦਾ ਮੌਕਾ ਦਿੰਦੇ ਹੋਏ ਕਾਨੂੰਨ ਅਨੁਸਾਰ ਸਜ਼ਾ ਦੇਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਦੇ ਕਰਮਚਾਰੀਆਂ ਦਾ ਵੀ ਇਸ ਤਰ੍ਹਾਂ ਇਸ ਦੁਨੀਆਂ ਤੋਂ ਚਲੇ ਜਾਣਾ ਵੀ ਬਹੁਤ ਮਾੜੀ ਗੱਲ ਹੈ, ਅਗਰ ਜੇਕਰ ਰਣਜੀਤ ਸਿੰਘ ਨੇ ਉਹਨਾਂ ਦਾ ਕਤਲ ਕੀਤਾ ਹੈ ਤਾਂ ਉਸ ਨੂੰ ਕਾਨੂੰਨ ਅਨੁਸਾਰ ਬਣਦੀ ਸਜ਼ਾ ਦੇਣੀ ਚਾਹੀਦੀ ਸੀ ਨਾ ਕਿ ਇਸ ਤਰ੍ਹਾਂ ਐਨਕਾਊਂਟਰ ਬਣਾ ਕੇ ਗੋਲੀ ਮਾਰ ਕੇ ਮਾਰ ਦੇਣਾ ਚਾਹੀਦਾ ਸੀ। ਹਾਜੀ ਬਿੱਟੂ ਚੋਹਾਨ ਨੇ ਅੱਗੇ ਕਿਹਾ ਕਿ ਆਏ ਦਿਨ ਹੀ ਐਨਕਾਊਂਟਰ ਬਣਾ ਕੇ ਨੌਜਵਾਨਾਂ ਨੂੰ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ ਜੋ ਕਿ ਮਾਨ ਸਰਕਾਰ ਦੇ ਪਤਨ ਦਾ ਕਾਰਨ ਬਣਨਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਗਰੀ 'ਚ ਟਰੈਫਿਕ ਦਾ ਬੁਰਾ ਹਾਲ ਪ੍ਰਸ਼ਾਸਨ ਬੇਵੱਸ:ਇੰਦਰਜੀਤ ਸਿੰਘ ਉਦਾਸੀਨ

**ਚੌਕ ਮਹਿਤਾ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਿਊਮਨ ਰਾਈਟ ਐਕਟਵਿਸਟ ਇੰਦਰਜੀਤ ਉਦਾਸੀਨ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਸੀ ਕਿ ਟਰੈਫਿਕ ਨੇ ਅੰਮ੍ਰਿਤਸਰ ਸ਼ਹਿਰ ਵਿੱਚ ਇੱਕ ਵਿਕਰਾਲ ਰੂਪ ਧਾਰਨ ਲਿਆ ਹੈ ਜੋ ਕਿ ਪ੍ਰਸ਼ਾਸਨ ਦੇ ਵੱਸ ਤੋਂ ਬਾਹਰ ਦੀ ਗੱਲ ਪ੍ਰਸ਼ਾਸਨ ਇਸ ਤੇ ਕੰਟਰੋਲ ਨਹੀਂ ਕਰ ਰਿਹਾ ਟਰੈਫਿਕ ਪੁਲਿਸ ਵਲੋਂ ਹਰ ਰੋਜ਼ ਕੋਈ ਨਾ ਕੋਈ ਵੀਡੀਓ ਜਾਰੀ ਕਰਕੇ ਇਹ ਵਿਖਾਇਆ ਜਾ ਰਿਹਾ ਹੈ ਕਿ ਟਰੈਫਿਕ ਵਿਵਸਥਾ ਤਰੀਕੇ ਨਾਲ ਚੱਲ ਰਹੀ ਹੈ ਚੌਂਕ ਕਚਹਿਰੀ ਵਿਖੇ ਪਾਰਕਿੰਗ ਦੇ ਨਾਂ ਤੇ ਪਾਰਕਿੰਗ ਵਾਲੇ ਅੱਧੀ ਸੜਕ ਦੇ ਉੱਤੇ ਕਬਜ਼ਾ ਕਰਕੇ ਬੈਠੇ ਹਨ ਉਹ ਰੋਜ਼ ਅੱਧੀ ਸੜਕ ਦੇ ਉੱਤੇ ਹੀ ਗੱਡੀਆਂ ਲੱਗੀਆਂ ਹੁੰਦੀਆਂ ਹਨ ਜੋ ਕਿ ਆਣ ਜਾਣ ਵਾਲੇ ਰਾਹਗੀਰਾਂ ਨੂੰ ਅਤੇ ਵਕੀਲਾਂ ਨੂੰ ਵੀ ਬਹੁਤ ਮੁਸ਼ਿਕਲ ਹੁੰਦੀ ਹੈ ਗੱਡੀਆਂ ਨੂੰ ਪਾਰਕਿੰਗ ਤੱਕ ਲੈ ਕੇ ਜਾਣ ਵਿੱਚ ਟਰੈਫਿਕ ਪੁਲਿਸ ਦੇ ਉੱਚ ਅਧਿਕਾਰੀਆਂ ਦਾ ਕੋਈ ਧਿਆਨ ਨਹੀਂ ਹੈ ਜੇ ਕੋਈ ਸ਼ਿਕਾਇਤ ਕਰਦਾ ਤੇ ਫੋਨ ਨਹੀਂ ਚੁੱਕਦੇ ਸ਼ਹਿਰ ਦੇ ਵਿੱਚ ਭੰਡਾਰੀ ਪੁੱਲ ਦਾ ਹਾਲ ਦੇਖੀਏ ਉਥੇ ਬਹੁਤ ਹੀ ਮਾੜਾ ਹੈ। ਅਗਰ ਕੋਈ ਵੀਆਈਪੀ ਆ ਜਾਏ ਤਾ ਵਿਵਸਥਾ ਹੋਰ ਮਾੜੀ ਹੋ ਜਾਂਦੀ ਹੈ ਔਰ ਆਮ ਲੋਕਾਂ ਨੂੰ ਇੱਕ-ਇੱਕ ਘੰਟੇ ਦੀ ਲੰਬੀ ਲਾਈਨ ਦੇ ਵਿੱਚ ਆਪਣੇ ਵਾਹਨਾਂ ਦੇ ਵਿੱਚ ਕੈਦ ਹੋ ਕੇ ਖੜੇ ਰਹਿਣਾ ਪੈਂਦਾ ਹੈ ਪੁਲਿਸ ਪ੍ਰਸ਼ਾਸਨ ਆਮ ਜਨਤਾ ਨੂੰ ਬਹੁਤ ਹੀ ਘਟੀਆ ਤਰੀਕੇ ਨਾਲ ਦੱਬਕੇ ਮਾਰਦਾ ਹੈ ਆਮ ਜਨਤਾ ਦਾ ਟਰੈਫਿਕ ਨੂੰ ਲੈ ਕੇ ਬਹੁਤ ਹੀ ਮੰਦੀ ਹਾਲਾਤ ਹਨ ਇੰਦਰਜੀਤ ਸਿੰਘ ਉਦਾਸੀਨ ਨੇ ਇੱਕ ਸਮਾਜ ਸੇਵਕ ਹੋਣ ਦੇ ਨਾਤੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੂੰ ਬੇਨਤੀ ਕੀਤੀ ਕਿ ਟਰੈਫਿਕ ਦੇ ਮੁੱਦੇ ਦੇ ਉੱਤੇ ਜਲਦ ਤੋਂ ਜਲਦ ਕੰਮ ਨੂੰ ਧਿਆਨ ਵਿੱਚ ਲਿਆਂਦਾ ਜਾਵੇ ਅਤੇ ਟਰੈਫਿਕ ਨੂੰ ਪੂਰੀ ਤਰ੍ਹਾਂ ਕੰਟਰੋਲ ਕਰਕੇ ਆਮ ਜਨਤਾ ਨੂੰ ਰਾਹਤ ਦਵਾਈ ਜਾਵੇ ਅਤੇ ਕਚਹਿਰੀ ਚੌਂਕ ਦੇ ਵਿੱਚ ਪਾਰਕਿੰਗ ਵਾਲਿਆਂ ਨੇ ਅੱਧੀ ਸੜਕ ਮਲੀ ਹੁੰਦੀ ਹੈ ਉਸ ਉੱਤੇ ਹੀ ਕਾਰਵਾਈ ਕਰਕੇ ਉਹਨਾਂ ਦੇ ਚਲਾਨ ਕੀਤੇ ਜਾਣ ਅਤੇ ਰੇਵਿਨਿਊ ਇਕੱਠਾ ਕਰਕੇ ਸਰਕਾਰ ਦਾ ਖਜ਼ਾਨਾ ਭਰਿਆ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਐਚ.ਪੀ.ਵੀ. ਵੈਕਸੀਨ ਸਬੰਧੀ ਜਿਲਾ ਟਾਸਕ ਫੋਰਸ ਦੀ ਕੀਤੀ ਮੀਟਿੰਗ



**ਚੌਕ ਮਹਿਤਾ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਹੇਠ ਐਚ.ਪੀ.ਵੀ. ਵੈਕਸੀਨ ਸਬੰਧੀ ਜਿਲਾ ਟਾਸਕ ਫੋਰਸ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜਿਲੇ ਭਰ ਦੇ ਵੱਖ ਵੱਖ ਵਿਭਾਗ ਜਿਵੇਂ ਸਿੱਖਿਆ ਵਿਭਾਗ, ਆਂਗਣਵਾੜੀ ਵਿਭਾਗ, ਨਰਸਿੰਗ ਕਾਲਜ, ਆਈਐਮਏ ਅਤੇ ਐਨਜੀਓ ਦੇ ਨੁਮਾਇੰਦੇ ਸ਼ਾਮਿਲ ਹੋਏ। ਇਸ ਮੌਕੇ ਸਿਵਲ ਸਰਜਨ ਡਾ ਬਜਾਜ ਨੇ ਦੱਸਿਆ ਕਿ ਐਚਪੀਵੀ ਭਾਵ ਹਿਊਮਨ ਪੈਪਿਲੋਮਾ ਵਾਇਰਸ ਪੰਜਾਬ ਸਰਕਾਰ ਵੱਲੋਂ ਨਵੀਂ ਵੈਕਸੀਨ ਐਚ ਪੀ ਵੀ ਵੈਕਸੀਨ ਦੀ ਸ਼ੁਰੂਆਤ 28 ਫਰਵਰੀ ਤੋਂ ਕੀਤੀ ਜਾਵੇਗੀ ਇਸ ਵੈਕਸੀਨ ਦੁਆਰਾ 14 ਤੋਂ 15 ਸਾਲ ਤੱਕ ਦੇ ਦੀਆਂ ਬੱਚੀਆਂ ਨੂੰ ਸਰਵਾਈਕਲ ਕੈਂਸਰ ਤੋਂ ਸੁਰੱਖਿਅਤ ਕਰਨ ਲਈ ਇਹ ਵੈਕਸੀਨ ਲਗਾਈ ਜਾਵੇਗੀ ਪੰਜਾਬ ਸਰਕਾਰ ਦਾ ਇਹ ਟੀਚਾ ਹੈ ਕਿ ਸਨ 2030 ਤੱਕ ਸਰਵਾਈਕਲ ਕੈਂਸਰ ਨੂੰ ਖਤਮ ਕੀਤਾ ਜਾਵੇ। ਇਸ ਅਫਸਰ ਤੇ ਜਿਲਾ ਟੀਕਾਕਰਨ ਅਫਸਰ ਡਾਕਟਰ ਰਸ਼ਮੀ ਵਿੱਚ ਨੇ ਦੱਸਿਆ ਕਿ ਇਸ ਟੀਕੇ ਦਾ ਸਾਰਾ ਰਿਕਾਰਡ ਯੁਵਿਨ ਪੋਰਟਲ ਤੇ ਦਰਜ ਕੀਤਾ ਜਾਵੇਗਾ ਅਤੇ 28 ਫਰਵਰੀ 2026 ਤੋਂ ਇਸ ਨੂੰ ਟੀਕਾਕਰਨ ਸੂਚੀ ਵਿੱਚ ਸ਼ਾਮਿਲ ਕੀਤਾ ਜਾਏਗਾ। ਇਸ ਅਵਸਰ ਤੇ ਸਮੂਹ ਸੀਨੀਅਰ ਮੈਡੀਕਲ ਅਫਸਰ, ਜਿਲਾ ਸਿੱਖਿਆ ਅਫਸਰ, ਆਈ.ਏ.ਪੀ. ਪ੍ਰੈਸੀਡੈਂਟ ਡਾ ਪ੍ਰੀਤੀ ਮਲਹੋਤਰਾ, ਰੂਰਲ ਮੈਡੀਕਲ ਅਫਸਰ, ਐਨਜੀਓ ਪਰਨੀਤ ਕੌਰ, ਮੀਨਾਕਸ਼ੀ, ਨਿਧੀ ਅਤੇ ਗਾਇਤਰੀ ਸਮੇਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਵਫਦ ਵੱਲੋਂ

# ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੁਲਾਕਾਤ ਕਰ ਆਪਣਾ ਪੱਖ ਰੱਖਿਆ





**ਨਵੀਂ ਦਿੱਲੀ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਫਦ ਵੱਲੋਂ ਅੱਜ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ

ਆਵਾਜ਼ਿ ਕੌਮ AWAZE QAUM International Newspaper & WEB TV



ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਗਿਆਨੀ ਕੁਲਦੀਪ ਸਿੰਘ ਗੜਗੱਜ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੁਲਾਕਾਤ ਕੀਤੀ ਗਈ। ਇਸ ਵਫਦ ਵਿਚ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਮੀਤ ਪ੍ਰਧਾਨ ਸਰਦਾਰ ਆਤਮਾ ਸਿੰਘ ਲੁਬਾਣਾ, ਮੈਂਬਰ ਸਰਦਾਰ ਭੁਪਿੰਦਰ ਸਿੰਘ ਭੁੱਲਰ, ਸੁੱਖਵਿੰਦਰ ਸਿੰਘ ਬੱਬਰ ਤੇ ਹੋਰ ਸ਼ਾਮਲ ਸਨ।

ਇਸ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੇ 25 ਅਕਤੂਬਰ ਨੂੰ ਹੋਈ ਕਮੇਟੀ ਦੀ ਜਨਰਲ ਹਾਊਸ ਮੀਟਿੰਗ ਦੇ ਸੰਬੰਧ ਵਿਚ ਕਮੇਟੀ ਦੇ ਅਹੁਦੇਦਾਰਾਂ ਨੂੰ ਸੱਦਿਆ ਸੀ। ਉਹਨਾਂ ਕਿਹਾ ਕਿ ਅੱਜ ਮੀਟਿੰਗ ਬਹੁਤ ਹੀ ਚੰਗੇ ਤੇ ਵਧੀਆ ਮਾਹੌਲ ਵਿਚ ਹੋਈ ਜਿਸ ਵਿਚ ਪੰਥ ਨੂੰ ਦਰਪੇਸ਼ ਮੁਸ਼ਕਿਲਾਂ ਦੇ ਨਾਲ-ਨਾਲ ਦਿੱਲੀ ਗੁਰਦੁਆਰਾ ਕਮੇਟੀ ਦੇ ਮਸਲਿਆਂ ਬਾਰੇ ਚਰਚਾ ਹੋਈ। ਉਹਨਾਂ ਦੱਸਿਆ ਕਿ ਅਸੀਂ ਜਥੇਦਾਰ ਸਾਹਿਬ ਨੂੰ ਦੱਸਿਆ ਕਿ ਕਿਵੇਂ ਕਮੇਟੀ ਦੀ ਮੌਜੂਦਾ ਟੀਮ ਪੂਰਾ ਕੰਮ ਪਾਰਦਰਸ਼ਤਾ ਨਾਲ ਕਰਨ ਦੇ ਨਾਲ-ਨਾਲ ਕੌਮ ਦੀਆਂ ਸੰਸਥਾਵਾਂ ਨੂੰ ਮਜ਼ਬੂਤ ਕਰਨ ਵਾਸਤੇ ਕੰਮ ਕਰ ਰਹੀ ਹੈ ਤੇ ਇਸ ਵਾਸਤੇ ਦਿਨ ਰਾਤ ਮਿਹਨਤ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜਥੇਦਾਰ ਸਾਹਿਬ ਨੂੰ ਇਹ ਵੀ ਦੱਸਿਆ ਕਿ ਗੁਰਦੁਆਰਾ ਸਾਹਿਬਾਨ ਦੀ ਸਾਂਭ ਸੰਭਾਲ ਦੇ ਨਾਲ-ਨਾਲ ਅਸੀਂ ਮਨੁੱਖਤਾ ਦੀ ਸੇਵਾ ਵਾਸਤੇ ਕੀ ਉਪਰਾਲੇ ਕਰ ਰਹੇ ਹਾਂ।

ਉਹਨਾਂ ਕਿਹਾ ਕਿ ਜਥੇਦਾਰ ਸਾਹਿਬ ਨੇ ਸਾਰੀ ਗੱਲ ਬਹੁਤ ਹੀ ਧਿਆਨ ਨਾਲ ਮਗਰੋਂ ਕਿਹਾ ਕਿ ਉਹ 13 ਅਪ੍ਰੈਲ ਨੂੰ ਵਿਸਾਖੀ ਮਗਰੋਂ ਦਿੱਲੀ ਦੀਆਂ ਸਾਰੀਆਂ ਧਿਰਾਂ ਦੀ ਸਾਂਝੀ ਮੀਟਿੰਗ ਸੱਦ ਕੇ ਅੱਗੇ ਦੀ ਵਿਚਾਰ ਕਰਾਂਗੇ।

## ਜਥੇਦਾਰ ਅਕਾਲ ਤਖਤ ਦਿੱਲੀ ਕਮੇਟੀ ਨੂੰ ਵਾਰ ਵਾਰ ਤਲਬ ਕਰ ਰਹੇ ਹਨ

# ਸ਼੍ਰੋਮਣੀ ਕਮੇਟੀ ਦੇ ਵੱਡੇ ਵੱਡੇ ਘੁਟਾਲਿਆਂ ਤੇ ਖਾਮੋਸ਼ੀ ਧਾਰਨ ਕਰੀ ਬੈਠੇ ਹਨ : ਜੰਮੂ - ਬਠਿੰਡਾ







ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਆਗੂਆਂ ਭਾਈ ਸਰਬਜੀਤ ਸਿੰਘ ਜੰਮੂ ਅਤੇ ਭਾਈ ਗੁਰਇਕਬਾਲ ਸਿੰਘ ਬਠਿੰਡਾ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਵਾਰ ਵਾਰ ਦਿੱਲੀ ਸਿੱਖ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਬੰਧਕ ਕਮੇਟੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਤਲਬ ਕਰਕੇ ਉਹਨਾਂ ਦੇ ਰੋਜ਼ ਮਰਾ ਪ੍ਰਬੰਧਕੀ ਢਾਂਚੇ ਵਿੱਚ ਦਖਲ ਦੇ ਰਹੇ ਹਨ ਜਦ ਕਿ ਦੂਜੇ ਪਾਸੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਨਿਤ ਨਵੇਂ ਦਿਨ ਵੱਡੇ ਤੋਂ ਵੱਡੇ ਘੁਟਾਲੇ ਸਾਹਮਣੇ ਆ ਰਹੇ ਹਨ ਉਥੇ ਜਥੇਦਾਰ ਅਕਾਲ ਤਖਤ ਸਾਹਿਬ ਬਿਲਕੁਲ ਚੁੱਪ ਤੇ ਖਮੋਸ਼ ਬੈਠੇ ਹਨ ਉਹਨਾਂ ਵਿਰੁੱਧ ਕੋਈ ਵੀ ਸਖ਼ਤ ਐਕਸ਼ਨ ਨਹੀਂ ਲੈ ਰਹੇ ਸਗੋਂ 328 ਸਰੂਪਾਂ ਦੇ ਮਸਲੇ ਵਿੱਚ ਪੰਥਕ ਲੀਡਰਾਂ ਦੀ ਤੇ ਮੀਡੀਆ ਵਾਸਤੇ ਵਾਰ ਵਾਰ ਆਦੇਸ਼ ਜਾਰੀ ਕਰਕੇ ਉਨ੍ਹਾਂ ਦੀ ਜੁਬਾਨਬੰਦੀ ਕੀਤੀ ਜਾ ਰਹੀ ਹੈ ਜਿਵੇਂ 19 75 ਵਿੱਚ ਇੰਦਰਾ ਗਾਂਧੀ ਨੇ ਐਮਰਜੰਸੀ ਵਿੱਚ ਅਪੋਜ਼ੀਸ਼ਨ ਤੇ ਮੀਡੀਆ ਤੇ ਪਾਬੰਦੀ ਲਗਾ ਦਿੱਤੀ ਸੀ । ਉਸੇ ਤਰ੍ਹਾਂ ਦਾ ਮੁੜ ਇਤਿਹਾਸ ਜਥੇਦਾਰ ਗੜਗੱਜ ਦੁਹਰਾ ਰਹੇ ਹਨ ਉਹਨਾਂ ਕਿਹਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦੀਆਂ ਹੈਂਡ ਗ੍ਰੰਥੀ ਸੇਵਾਵਾਂ ਖ਼ਤਮ ਕਰਨੀਆ ਉਹਨਾਂ ਨੂੰ 2 ਦਸੰਬਰ ਵਾਲੇ ਹੁਕਮਨਾਮੇ ਦੀ ਸਜ਼ਾ ਸੁਣਾਈ ਗਈ ਹੈ। ਇਹ ਸਾਰਾ ਕੁਝ ਉਹ ਬਾਦਲਾਂ ਅਤੇ ਸਰਨਿਆਂ ਦੀ ਸਹਿ ਤੇ ਉਨ੍ਹਾਂ ਦੇ ਵਿਰੋਧੀਆਂ ਨੂੰ ਦਬਾਉਣ ਲਈ ਕਰ ਰਹੇ ਹਨ ਜੋ ਕਿ ਬਹੁਤ ਮੰਦਭਾਗਾ ਹੈ ਤੇ ਜਥੇਦਾਰ ਨੂੰ ਇੱਕ ਧਿਰ ਬਣਨਾ ਸ਼ੋਭਾ ਨਹੀਂ ਦਿੰਦਾ। ਉਹਨਾਂ ਕਿਹਾ ਜਥੇਦਾਰ ਗੜਗੱਜ ਰਾਤ ਦੇ ਹਨੇਰੇ ਵਿੱਚ ਐਕਟਿੰਗ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਬਣੇ ਹਨ ਉਹਨਾਂ ਨੂੰ ਚਾਹੀਦਾ ਸੀ ਕਿ ਸਮੁੱਚੇ ਪੰਥ ਦਾ ਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਦਾ ਭਰੋਸਾ ਜਿੱਤਦੇ ਪਰ ਉਹ ਆਪਣੇ ਐਕਸ਼ਨਾ ਰਾਹੀਂ ਬਾਦਲਾਂ ਤੇ ਸਰਨਿਆਂ ਦਾ ਬੁਲਾਰਾ ਬਣ ਕੇ ਰਹਿ ਗਏ ਹਨ ਤੇ ਉਹ ਏਡੇ ਵੱਡੇ ਉੱਚ ਅਹੁਦੇ ਨੂੰ ਬਹੁਤ ਵੱਡਾ ਨਿਰਾਦਰ ਕਰ ਰਹੇ ਹਨ । ਉਹਨਾਂ ਕਿਹਾ ਪੰਥਕ ਸਿਆਸੀ ਲੀਡਰਾਂ ਦੀਆਂ ਤੇ ਪੰਥਕ ਨੇਤਾਵਾਂ ਦੇ ਆਪਸੀ ਮਤਭੇਦ ਹੋ ਸਕਦੇ ਹਨ ਪਰ ਜਥੇਦਾਰ ਅਕਾਲ ਤਖਤ ਸਾਹਿਬ ਨੂੰ ਇਹਨਾਂ ਸਾਰਿਆਂ ਤੋਂ ਉੱਪਰ ਉੱਠ ਕੇ ਸਾਰਿਆਂ ਦਾ ਸਰਬ ਸਾਂਝਾ ਜਥੇਦਾਰ ਬਣਨਾ ਚਾਹੀਦਾ ਹੈ ਤਾਂ ਹੀ ਉਹਨਾਂ ਨੂੰ ਸਮੁੱਚੇ ਪੰਥ ਦੀ ਹਮਾਇਤ ਮਿਲ ਸਕਦੀ ਹੈ ਨਹੀਂ ਤਾਂ ਉਹ ਬਾਦਲ ਅਕਾਲੀ ਦਲ ਦੇ ਇੱਕ ਬੁਲਾਰੇ ਬਣ ਕੇ ਜਿਵੇਂ ਵਿਚਰ ਰਹੇ ਹਨ ਇਸ ਨੂੰ ਪੰਥ ਕਦੇ ਵੀ ਪ੍ਰਵਾਨ ਨਹੀਂ ਕਰੇਗਾ । ਬਾਦਲਾਂ ਦੇ ਹਮਾਇਤੀਆਂ ਦੇ ਵਿਰੁੱਧ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਏ ਆਦੇਸ਼ , ਹੁਕਮਨਾਮੇ ਉਹ ਵਾਪਸ ਲੈ ਰਹੇ ਹਨ ਤੇ ਜਿਹੜੇ ਬਾਦਲਾਂ ਤੇ ਸਰਨਿਆਂ ਦੇ ਵਿਰੋਧੀ ਹਨ ਉਹਨਾਂ ਵਿਰੁੱਧ ਉਹ ਨਿਤ ਦਿਹਾੜੇ ਕੋਈ ਨਵਾਂ ਦੋਸ਼ ਲਾ ਕੇ ਉਹਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਤਲਬ ਕਰ ਰਹੇ ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

**ਜਥੇਦਾਰ ਰਘਬੀਰ ਸਿੰਘ ਦੀਆਂ ਹੈਂਡ ਗ੍ਰੰਥੀ ਸੇਵਾਵਾਂ ਖ਼ਤਮ ਕਰਨੀਆਂ 2 ਦਸੰਬਰ ਦੇ ਹੁਕਮਨਾਮੇ ਦੀ ਸਜ਼ਾ**

# ਭਵਿੱਖ ਕੀ ਹੈ ਅਤੇ ਕਿਸਮਤ ਕਿਵੇਂ ਖੁਲ੍ਹਦੀ ਹੈ ?



ਇਨਸਾਨ ਹਮੇਸ਼ਾ ਤੋਂ ਭਵਿੱਖ ਬਾਰੇ ਸੋਚਦਾ ਆਇਆ ਹੈ। ਪ੍ਰਾਚੀਨ ਦਰਸ਼ਨ ਤੋਂ ਲੈ ਕੇ ਆਧੁਨਿਕ ਮਨੋਵਿਗਿਆਨ ਤੱਕ ਇੱਕੋ ਸਵਾਲ ਰਹਿੰਦਾ ਹੈ: ਕੀ ਸਾਡੀ ਕਿਸਮਤ ਪਹਿਲਾਂ ਹੀ ਲਿਖੀ ਹੋਈ ਹੈ ਜਾਂ ਸਾਡੇ ਫੈਸਲੇ ਉਸਨੂੰ ਗੰਢਦੇ ਹਨ ? ਵਿਗਿਆਨ ਕਿਸਮਤ ਨੂੰ ਕਿਸੇ ਅਲੌਕਿਕ ਲਿਖਤ ਵਜੋਂ ਨਹੀਂ ਮੰਨਦਾ, ਪਰ ਇਹ ਮੰਨਦਾ ਹੈ ਕਿ ਜੀਨ, ਵਾਤਾਵਰਣ, ਮਨੋਵਿਗਿਆਨ ਅਤੇ ਫੈਸਲਾ ਕਰਨ ਦੀ ਪ੍ਰਕਿਰਿਆ ਮਿਲ ਕੇ ਜੀਵਨ ਦੀ ਦਿਸ਼ਾ ਤੈਅ ਕਰਦੇ ਹਨ। ਇਸ ਅਰਥ ਵਿੱਚ ਕਿਸਮਤ ਨੂੰ ਜਨਮਜਾਤ ਗੁਣਾਂ, ਹਾਲਾਤਾਂ, ਆਦਤਾਂ, ਭਾਵਨਾਵਾਂ ਅਤੇ ਸਚੇਤ ਚੋਣਾਂ ਦੇ ਨਤੀਜ਼ੇ ਵਜੋਂ ਸਮਝਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਗਿਆਨਕ ਦ੍ਰਿਸ਼ਟੀਕੋਣ ਤੋਂ ਕਿਸਮਤ ਦੀ ਸਮਝ

ਪੁਰਾਤਨ ਦਰਸ਼ਨ ਵਿੱਚ ਕਿਸਮਤ ਨੂੰ ਕੁਦਰਤੀ ਯੋਜਨਾ ਨਾਲ ਜੋੜਿਆ ਗਿਆ। ਉਦਾਹਰਨ ਵਜੋਂ ਅਰਸਤੂ ਨੇ ਕਾਰਨ ਅਤੇ ਪ੍ਰਭਾਵ ਨੂੰ ਜੀਵਨ ਦੇ ਨਤੀਜ਼ਿਆਂ ਨਾਲ ਜੋੜਿਆ। ਬਾਅਦ ਵਿੱਚ ਮਨੋਵਿਗਿਆਨੀਆਂ ਨੇ ਅਚੇਤਨ ਮਨ ਦੀ ਭੂਮਿਕਾ ਬਾਰੇ ਚਰਚਾ ਕੀਤੀ।

ਆਧੁਨਿਕ ਵਿਗਿਆਨ ਕਿਸਮਤ ਨੂੰ ਤਿੰਨ ਮੁੱਖ ਤੱਤਾਂ ਰਾਹੀਂ ਵੇਖਦਾ ਹੈ:

ਜੀਨਾਤਮਕਤਾ

ਡੀਐਨਏ ਸਾਡੀ ਪ੍ਰਕਿਰਤੀ, ਬੁੱਧੀ, ਭਾਵਨਾਤਮਕ ਸੰਵੇਦਨਸ਼ੀਲਤਾ ਅਤੇ ਕੁਝ ਬਿਮਾਰੀਆਂ ਵੱਲ ਰੁਝਾਨ ਨਿਰਧਾਰਤ ਕਰ ਸਕਦਾ ਹੈ।

ਵਾਤਾਵਰਣ

ਪਰਿਵਾਰ, ਸਿੱਖਿਆ, ਸੰਸਕ੍ਰਿਤੀ, ਪੋਸ਼ਣ ਅਤੇ ਸਮਾਜਿਕ ਅਨੁਭਵ ਵਿਅਕਤੀਗਤ ਵਿਕਾਸ ਨੂੰ ਪ੍ਰਭਾਵਿਤ ਕਰਦੇ ਹਨ।

ਨਿਊਰੋਪਲਾਸਟਿਸਿਟੀ ਅਤੇ ਚੋਣ -

ਦਿਮਾਗ ਵਿੱਚ ਖੁਦ ਨੂੰ ਬਦਲਣ ਦੀ ਸਮਰੱਥਾ ਹੁੰਦੀ ਹੈ। ਅਨੁਭਵ ਅਤੇ ਆਦਤਾਂ ਨਰਵ ਮਾਰਗਾਂ ਨੂੰ ਬਦਲ ਸਕਦੀਆਂ ਹਨ।

ਮਨੋਵਿਗਿਆਨਕ ਅਧਿਐਨਾਂ ਨੇ ਦਰਸਾਇਆ ਹੈ ਕਿ ਦਿਮਾਗ ਸਥਿਰ ਨਹੀਂ ਹੈ। ਇਸ ਲਈ ਕਿਸਮਤ ਅਟੱਲ ਨਹੀਂ; ਇਹ ਵਿਕਸਤ ਹੁੰਦੀ ਰਹਿੰਦੀ ਹੈ।

ਮਨੁੱਖੀ ਸੁਭਾਉ 'ਤੇ ਕਿਸਮਤ ਦੇ ਵਿਚਾਰ ਦਾ ਪ੍ਰਭਾਵ

ਕਿਸਮਤ ਬਾਰੇ ਵਿਸ਼ਵਾਸ ਵਿਅਕਤੀ ਦੀ ਪ੍ਰੇਰਣਾ ਅਤੇ ਮਨੋਦਸ਼ਾ ਨੂੰ ਪ੍ਰਭਾਵਿਤ ਕਰਦਾ ਹੈ। ਮਨੋਵਿਗਿਆਨ ਵਿੱਚ ਦੋ ਧਾਰਣਾਵਾਂ ਪ੍ਰਸਿੱਧ ਹਨ:

ਪੱਕੀ ਸੋਚ ਦੀ ਧਾਰਨਾ -

ਜੀਵਨ ਦੇ ਨਤੀਜ਼ੇ ਪਹਿਲਾਂ ਤੋਂ ਨਿਰਧਾਰਤ ਹਨ।

ਵਿਕਸਤ ਸੋਚ-

ਮਿਹਨਤ ਅਤੇ ਸਿੱਖਣ ਨਾਲ ਭਵਿੱਖ ਬਦਲਿਆ ਜਾ ਸਕਦਾ ਹੈ।

ਵਿਕਸਤ ਸੋਚ ਵਾਲੇ ਲੋਕ ਚੁਣੌਤੀਆਂ ਨੂੰ ਮੌਕਿਆਂ ਵਜੋਂ ਦੇਖਦੇ ਹਨ, ਇਸ ਨਾਲ ਉਨ੍ਹਾਂ ਦਾ ਪ੍ਰਦਰਸ਼ਨ ਅਤੇ ਭਾਵਨਾਤਮਕ ਸਥਿਰਤਾ ਵੱਧਦੀ ਹੈ। ਜੇ ਕਿਸਮਤ ਨੂੰ ਅਟੱਲ ਮੰਨਿਆ ਜਾਵੇ ਤਾਂ ਬੇਬਸੀ, ਚਿੰਤਾ ਅਤੇ ਬੇਚੈਨੀ ਵਧ ਸਕਦੀ ਹਨ। ਪਰ ਜੇ ਇਸਨੂੰ ਗਤੀਸ਼ੀਲ ਮੰਨਿਆ ਜਾਵੇ ਤਾਂ ਜ਼ਿੰਮੇਵਾਰੀ ਅਤੇ ਹੌਸਲਾ ਵੱਧਦਾ ਹੈ।

ਕਿਸਮਤ ਅਤੇ ਭਾਵਨਾਤਮਕ ਸਿਹਤ

ਭਾਵਨਾਵਾਂ ਭਵਿੱਖ ਦੀ ਉਮੀਦ ਨਾਲ ਜੁੜੀਆਂ ਹਨ। ਡਰ, ਆਸ ਅਤੇ ਚਿੰਤਾ ਸਭ ਅਣਜਾਣ ਭਵਿੱਖ ਨਾਲ ਸੰਬੰਧਿਤ ਹਨ। ਦਿਮਾਗ ਦਾ ਲਿੰਬਿਕ ਸਿਸਟਮ—ਖ਼ਾਸ ਕਰਕੇ ਐਮਿਗਡਾਲਾ—ਡਰ ਅਤੇ ਅਨਿਸ਼ਿਚਤਤਾ ਨੂੰ ਸੰਭਾਲਦਾ ਹੈ। ਲੰਬੇ ਸਮੇਂ ਦੀ ਚਿੰਤਾ ਕੋਰਟਿਸੋਲ ਵਧਾ ਸਕਦੀ ਹੈ, ਜਿਸ ਨਾਲ ਉੱਚ ਖ਼ੂਨ ਦਬਾਅ, ਕਮਜ਼ੋਰ ਰੋਗ-ਰੋਧਕ ਤੰਤਰ ਅਤੇ ਘੱਟ ਨੀਂਦ ਦੀਆਂ ਸਮੱਸਿਆਵਾਂ ਹੋ ਸਕਦੀਆਂ ਹਨ।

ਚਿੰਤਾ ਵਿੱਚ ਅਕਸਰ ਭਵਿੱਖ ਬਾਰੇ ਨਿਰਾਸ਼ਾ ਕੇਂਦਰੀ ਭੂਮਿਕਾ ਨਿਭਾਂਦੀ ਹੈ। ਜਦਕਿ ਆਸ਼ਾਵਾਦੀ ਸੋਚ ਸੋਜ਼ਿਸ਼ ਨੂੰ ਘਟਾਉਂਦੀ ਹੈ ਅਤੇ ਦਿਲ ਦੀ ਸਿਹਤ ਸੁਧਾਰਦੀ ਹੈ।

ਕੀ ਧਿਆਨ ਕਿਸਮਤ ਨੂੰ ਪ੍ਰਭਾਵਿਤ ਕਰ ਸਕਦਾ ਹੈ ?

ਧਿਆਨ ਬਾਹਰੀ ਘਟਨਾਵਾਂ ਨਹੀਂ ਬਦਲਦਾ, ਪਰ ਇਹ ਦਿਮਾਗ ਅਤੇ ਪ੍ਰਤੀਕਿਰਿਆ ਨੂੰ ਬਦਲਦਾ ਹੈ। ਅਧਿਐਨਾਂ ਅਨੁਸਾਰ ਨਿਯਮਿਤ ਧਿਆਨ:

ਐਮਿਗਡਾਲਾ ਦੀ ਪ੍ਰਤੀਕਿਰਿਆ ਘਟਾਉਂਦਾ ਹੈ, ਪ੍ਰੀਫਰੰਟਲ ਕਾਰਟੈਕਸ ਮਜ਼ਬੂਤ ਕਰਦਾ ਹੈ, ਭਾਵਨਾਤਮਕ ਸੰਤੁਲਨ ਵਧਾਉਂਦਾ ਹੈ, ਧਿਆਨ ਅਤੇ ਸਪੱਸ਼ਟਤਾ ਸੁਧਾਰਦਾ ਹੈ, ਇਸ ਤਰ੍ਹਾਂ ਰੋਜ਼ਾਨਾ ਫੈਸਲੇ ਸਟੀਕ ਹੋਣ ਨਾਲ ਜੀਵਨ ਦੀ ਦਿਸ਼ਾ ਪ੍ਰਭਾਵਿਤ ਹੁੰਦੀ ਹੈ।

ਆਸ ਅਤੇ ਜੀਵ ਵਿਗਿਆਨ

ਆਸ ਸਿਰਫ਼ ਦਰਸ਼ਨ ਨਹੀਂ; ਇਸਦਾ ਜੀਵ ਵਿਗਿਆਨਿਕ ਆਧਾਰ ਹੈ। ਸਕਾਰਾਤਮਕ ਭਵਿੱਖੀ ਸੋਚ ਦਿਮਾਗ ਵਿੱਚ ਡੋਪਾਮੀਨ ਸਰਗਰਮ ਕਰਦੀ ਹੈ, ਜੋ ਪ੍ਰੇਰਣਾ ਅਤੇ ਟੀਚਾ ਪ੍ਰਾਪਤੀ ਵਿੱਚ ਸਹਾਇਕ ਹੈ। ਉਦੇਸ਼ਪੂਰਕ ਜੀਵਨ ਜੀਉਣ ਵਾਲੇ ਲੋਕ ਲੰਬੀ ਉਮਰ ਅਤੇ ਵਧੀਆ ਸਿਹਤ ਦਾ ਅਨੁਭਵ ਕਰਦੇ ਹਨ।

ਆਜ਼ਾਦ ਸੋਚ

ਮਨੋਵਿਗਿਆਨ ਦਰਸਾਉਂਦਾ ਹੈ ਕਿ ਜਨਮਜਾਤ ਰੁਝਾਨ ਹੋ ਸਕਦੇ ਹਨ, ਪਰ ਵਿਉਹਾਰ ਪੂਰੀ ਤਰ੍ਹਾਂ ਨਿਰਧਾਰਤ ਨਹੀਂ। ਐਪੀਜੀਨੇਟਿਕਸ ਸਾਬਤ ਕਰਦੀ ਹੈ ਕਿ ਜੀਵਨ ਸ਼ੈਲੀ ਜੀਨਾਂ ਦੀ ਅਭਿਵਿਕਤੀ ਨੂੰ ਪ੍ਰਭਾਵਿਤ ਕਰ ਸਕਦੀ ਹੈ।

ਇਸ ਲਈ ਵਿਗਿਆਨਕ ਅਰਥ ਵਿੱਚ ਕਿਸਮਤ ਹੈ:

ਸੰਭਾਵਨਾ + ਕਿਰਿਆ = ਨਤੀਜ਼ਾ।

ਭਵਿੱਖ ਅਸਲ ਵਿੱਚ ਕੀ ਰੱਖਦਾ ਹੈ ?

ਭਵਿੱਖ ਕੋਈ ਪੱਕੀ ਲਿਖਤ ਨਹੀਂ। ਇਹ ਜੀਨ, ਵਾਤਾਵਰਣ, ਵਿਸ਼ਵਾਸ, ਭਾਵਨਾਵਾਂ ਅਤੇ ਦਿਨ-ਪ੍ਰਤੀਦਿਨ ਦੇ ਫੈਸਲਿਆਂ ਦਾ ਨਤੀਜ਼ਾ ਹੈ। ਕਠੋਰ ਸੋਚ ਹੌਸਲਾ ਘਟਾ ਸਕਦਾ ਹੈ, ਜਦਕਿ ਵਿਕਾਸਮੁਖੀ ਸੋਚ ਤਾਕਤ ਦਿੰਦੀ ਹੈ।

ਧਿਆਨ, ਸਕਾਰਾਤਮਕ ਸੋਚ ਅਤੇ ਸਚੇਤ ਜੀਵਨ ਕਿਸਮਤ ਦੇ ਖੁਲ੍ਹਣ ਵਿੱਚ ਭੂਮਿਕਾ ਨਿਭਾਉਂਦੇ ਹਨ। ਅਸੀਂ ਹਰ ਘਟਨਾ ਨੂੰ ਨਿਯੰਤਰਿਤ ਨਹੀਂ ਕਰ ਸਕਦੇ, ਪਰ ਆਪਣੀ ਪ੍ਰਤੀਕਿਰਿਆ ਨੂੰ ਜ਼ਰੂਰ ਕਰ ਸਕਦੇ ਹਾਂ—ਅਤੇ ਓਹੀ ਭਵਿੱਖ ਗੰਢਦੀ ਹੈ।

ਭਵਿੱਖ ਸੰਭਾਵਨਾਵਾਂ ਨਾਲ ਭਰਿਆ ਹੈ।

ਕਿਸਮਤ ਸੁਚੇਤਤਾ ਨਾਲ ਖੁਲ੍ਹਦੀ ਹੈ।

ਅਤੇ ਮਨੁੱਖੀ ਮਨ ਉਸਨੂੰ ਗੰਢਣ ਦੀ ਸਭ ਤੋਂ ਵੱਡੀ ਤਾਕਤ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

# ਐਸ.ਡੀ.ਐਮ ਰਾਜੇਸ਼ ਸ਼ਰਮਾ ਨੇ ਅਹੁਦਾ ਸੰਭਾਲਿਆ



ਤਲਵੰਡੀ ਸਾਬੋ, 27 ਫਰਵਰੀ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਵਿਖੇ ਨਵੇਂ ਆਏ ਐਸ.ਡੀ.ਐਮ ਰਾਜੇਸ਼ ਸ਼ਰਮਾ ਨੇ ਆਪਣਾ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਉਪਰੰਤ ਪ੍ਰੈਸ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਭਾਗਾਂ ਵਾਲਾ ਹਾਂ ਕਿ ਮੈਨੂੰ ਪਵਿੱਤਰ ਨਗਰ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਦਫ਼ਤਰ ਵਿਖੇ ਆਪਣੇ ਕੰਮਾਂ ਕਾਜਾਂ ਲਈ ਆਉਣ ਜਾਣ ਵਾਲਿਆਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।


ਸ਼ਸਤ੍ਰਨ ਕੇ ਅਧੀਨ ਹੈ ਰਾਜ॥
ਦੇਗ ਤੇਗ ਫਤਹਿ॥
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵਲੋਂ ਆਰੰਭੇ ਹੋਏ
ਸੰਘਰਸ਼ ਦੇ ਮੋਢੀ ਜਰਨੈਲ ਬਾਬਾ-ਏ-ਬੋਹੜ ਤੇ ਮੁੱਖੀ ਪੰਥਕ ਕਮੇਟੀ
"ਅਮਰ ਸ਼ਹੀਦ ਬਾਬਾ ਗੁਰਬਚਨ ਸਿੰਘ ਜੀ ਮਾਨੋਚਾਹਲ"
"ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ"
'ਮੁੱਖੀ ਭਿੰਡਰਾਂਵਾਲਾ ਟਾਈਗਰ ਫੋਰਸ ਖਾਲਿਸਤਾਨ'
ਸ਼ਹੀਦ ਭਾਈ ਨਿਰਵੈਰ ਸਿੰਘ ਜੀ,ਸ਼ਹੀਦ ਬਾਪੂ ਆਤਮਾ ਸਿੰਘ ਜੀ, ਸ਼ਹੀਦ ਮਾਤਾ ਗੁਰਮੇਜ਼ ਕੌਰ ਜੀ ਅਤੇ
ਸਮੂਹ ਸ਼ਹੀਦ ਸਿੰਘਾਂ ਤੇ ਸਿੰਘਣੀਆਂ ਦੀ ਪਵਿੱਤਰ ਯਾਦ ਵਿੱਚ ਟੋਰਾਂਟੋ ਦੀਆਂ ਸੰਗਤਾਂ ਵਲੋਂ ਹੋ ਰਹੇ ਸਮਾਗਮ
੧੦ ਵਜੇ ਸ਼੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਰਾਗੀ, ਢਾਡੀ ਤੇ ਕਥਾਵਾਚਕ ਸ਼ਹੀਦ ਸਿੰਘਾਂ ਦੇ ਇਤਿਹਾਸ ਤੇ ਗੁਰੂ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਆਪ ਸੰਗਤਾਂ ਨੇ ਸਮੇਂ ਸਿਰ ਹਾਜ਼ਰੀਆਂ ਭਰਕੇ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।
ਸਮਾਗਮ 28 ਫਰਵਰੀ
ਦਿਨ ਸ਼ਨੀਵਾਰ
ਸਮਾਂ ੧੦ ਤੋਂ ੧ ਵਜੇ ਤੱਕ
Gurudwara Jot Parkash Sahib
135 Sunpac Blvd Brampton,ON
Main hall more info @ 905-790-1415
28 February 2026
Time 10am to 1pm
ਵਿਸ਼ੇਸ਼ ਸਹਿਯੋਗ ਗੁ: ਪ੍ਰਬੰਧਕ ਕਮੇਟੀ ਤੇ ਸਮੂਹ ਸਾਧ ਸੰਗਤ
ਗੁਰੂ ਕੇ ਲੰਗਰ ਅਤੁੱਟ ਵਰਤਣਗੇ ਜੀ
ਆਵਾਜ਼ਿ ਕੌਮ
AWAZE QAUM
International Newspaper & WEB TV
ਸ਼ਹੀਦੀ 28 ਫਰਵਰੀ 1993

ਮਿਤੀ 27 - 28 ਫਰਵਰੀ 1 ਮਾਰਚ ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ ਵਿਖੇ

# ਤਿੰਨ ਰੋਜ਼ਾ ਧਾਰਮਿਕ ਦੀਵਾਨਾ ਚੋਂ ਅੱਜ ਪਹਿਲੇ ਦਿਨ ਦੇ ਦੀਵਾਨ ਦੀ ਹਾਜ਼ਰੀ ਭਰਦੇ ਜਥੇਦਾਰ ਦਾਦੂਵਾਲ ਜੀ ਅਤੇ ਹਾਜ਼ਰ ਸਿੱਖ ਸੰਗਤਾਂ















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰਸਿੱਧ ਕਾਰੋਬਾਰੀ ਸਰਦਾਰ ਮਨਿੰਦਰਪਾਲ ਸਿੰਘ ਗੁਰੂਗ੍ਰਾਮ ਦੇ ਸਪੁੱਤਰ ਅੰਗਦਦੀਪ ਸਿੰਘ ਦੇ ਸ਼ੁਭ ਅਨੰਦ ਕਾਰਜ ਸਮੇਂ

# ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਮਾਨਯੋਗ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ











ਪ੍ਰਸਿੱਧ ਕਾਰੋਬਾਰੀ ਸਰਦਾਰ ਮਨਿੰਦਰਪਾਲ ਸਿੰਘ ਗੁਰੂਗ੍ਰਾਮ ਦੇ ਸਪੁੱਤਰ ਅੰਗਦਦੀਪ ਸਿੰਘ ਦੇ ਸ਼ੁਭ ਅਨੰਦ ਕਾਰਜ ਸਮੇਂ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਮਾਨਯੋਗ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਦੀਦਾਰ ਸਿੰਘ ਨਲਵੀ,ਅੰਤਿ੍ੰਗ ਮੈਂਬਰ ਰਹੇ ਗੁਰਪ੍ਰਸਾਦਿ ਸਿੰਘ ਫਰੀਦਾਬਾਦ,ਸਰਦਾਰ ਪ੍ਰਭਜੀਤ ਸਿੰਘ ਜੀਤੀ,ਸਰਦਾਰ ਸ਼ੇਰਦਿਲ ਸਿੰਘ ਸ਼ੈਰੀ ਪ੍ਰਧਾਨ ਸ੍ਰੀ ਗੁਰੂ ਸਿੰਘ ਸਭਾ ਗੁਰੂਗ੍ਰਾਮ,ਬੀਬੀ ਗਗਨਦੀਪ ਕੌਰ ਸਿੱਧੂ,ਸਰਦਾਰ ਜਸਪਾਲ ਸਿੰਘ ਚੱਢਾ ਪਿੰਡ ਬਲੂਚੀ ਪ੍ਰਧਾਨ ਗੁਰਦੁਆਰਾ ਸਾਊਥ ਸਿਟੀ,ਸਰਦਾਰ ਪ੍ਰਭਜੋਤ ਸਿੰਘ ਚੰਡੋਕ ਵੀ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖ਼ਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਂਸੀ ਤਲਵੰਡੀ ਸਾਬੋ ਵਿਖੇ ਸਾਥੀਆਂ ਸਮੇਤ


# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਨੇ ਦਰਸ਼ਨ ਦੀਦਾਰੇ ਕੀਤੇ












ਤਖ਼ਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਂਸੀ ਤਲਵੰਡੀ ਸਾਬੋ ਵਿਖੇ ਸਾਥੀਆਂ ਸਮੇਤ ਦਰਸ਼ਨ ਦੀਦਾਰ ਕਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਦਮਦਮਾ ਸਾਹਿਬ ਅਸਥਾਨ ਅਤੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਤਪ ਅਸਥਾਨ ਭੋਰਾ ਸਾਹਿਬ ਦੇ ਵੀ ਦਰਸ਼ਨ ਦੀਦਾਰ ਪ੍ਰਾਪਤ ਹੋਏ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਵਿਦਿਆਰਥੀ

# ‘ਐਸ.ਜੀ.ਪੀ.ਸੀ’ ਵੱਲੋਂ ਲਏ ਧਾਰਮਿਕ ਇਮਤਿਹਾਨਾਂ ਚੋਂ ਹੋਏ ਪਾਸ



ਫਿਰੋਜ਼ਪੁਰ 27 ਫਰਵਰੀ (ਮਨੋਹਰ ਲਾਲ): ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ, ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਬੁਰਜ ਮੱਖਣ ਦੇ ਵਿਦਿਆਰਥੀਆਂ ਨੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਲਏ ਧਾਰਮਿਕ ਇਮਤਿਹਾਨਾਂ ਵਿਚ ਹਿੱਸਾ ਲਿਆ ਸੀ ਜਿਸ ਵਿਚ ਸਾਰੇ ਵਿਦਿਆਰਥੀ ਪਾਸ ਹੋਏ ਹਨ ਅਤੇ ਕਈਆਂ ਨੇ ਮੈਰਿਟ ਵੀ ਹਾਸਲ ਕੀਤੀ ਹੈ। ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਪ੍ਰਿੰਸੀਪਲ ਨੇ ਇਸ ਸਮੇਂ ਦੱਸਿਆ ਕਿ ਸਕੂਲ ਵਿਚ ਵੱਖ ਵੱਖ ਸੰਸਥਾਵਾਂ ਵੱਲੋਂ ਲਏ ਗਏ ਧਾਰਮਿਕ ਇਮਤਿਹਾਨਾਂ ਵਿਚ ਵਿਦਿਆਰਥੀ ਵਧ ਚੜ੍ਹ ਕੇ ਭਾਗ ਲੈਂਦੇ ਹਨ ਅਤੇ ਹਰ ਵਾਰ ਵਧੀਆ ਹੀ ਰਿਜ਼ਲਟ ਆਉਂਦਾ ਹੈ।ਉਨ੍ਹਾਂ ਨੇ ਦੱਸਿਆ ਕਿ ਜਿੱਥੇ ਵਿਦਿਆਰਥੀ ਸਕੂਲ ਵਿਚ ਦੁਨਿਆਵੀ ਵਿੱਦਿਆ ਹਾਸਲ ਕਰਦੇ ਹਨ ਉੱਥੇ ਧਾਰਮਿਕ ਵਿੱਦਿਆ ਵੀ ਹਾਸਲ ਕਰਦੇ ਹਨ, ਇਸ ਦੇ ਲਈ ਸਕੂਲ ਵਿਚ ਧਰਮ ਦੇ ਉੱਚ ਵਿੱਦਿਅਕ ਅਧਿਆਪਕ ਰੱਖੇ ਹੋਏ ਹਨ।ਪ੍ਰਿੰਸੀਪਲ ਹੁਰਾਂ ਨੇ ਦੱਸਿਆ ਇਹ ਅਦਾਰਾ ਦਮਦਮੀ ਟਕਸਾਲ ਮਹਿਤਾ ਚੌਕ ਨਾਲ ਸੰਬੰਧਿਤ ਹੈ ਇਸ ਲਈ ਵਿਦਿਆਰਥੀਆਂ ਨੂੰ ਸੰਥਿਆ ਦੇ ਨਾਲ ਨਾਲ ਹੋਰ ਧਾਰਮਿਕ ਗ੍ਰੰਥਾਂ ਦਾ ਵੀ ਅਧਿਐਨ ਕਰਵਾਇਆ ਜਾਂਦਾ ਹੈ। ਇਸ ਸਮੇਂ ਪ੍ਰਿੰਸੀਪਲ ਗੁਰਦੀਪ ਸਿੰਘ ਜੀ (ਖ਼ਾਲਸਾ ਕਾਲਜ ਮਹਿਤਾ), ਡਾ. ਅਰਜੁਨ ਸਿੰਘ ਜੀ, ਮੈਡਮ ਪ੍ਰਭਜੀਤ ਕੌਰ, ਅਧਿਆਪਕ ਗੁਰਵਿੰਦਰ ਸਿੰਘ, ਸੁਖਦੇਵ ਸਿੰਘ ਅਤੇ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

### ਸਿੱਖ ਜਥੇਬੰਦੀਆਂ ਨੇ ਬਾਰ ਕੌਂਸਲ ਦੇ

# ਪ੍ਰਧਾਨ ਤੇ ਮੈਂਬਰਾਂ ਦਾ ਕੀਤਾ ਸਨਮਾਨ



**ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ) :—** ਸ੍ਰੀ ਗੁਰੂ ਗ੍ਰੰਥ ਸਾਹਿਬ, ਛੋਟੇ ਸਾਹਿਬਜ਼ਾਦੇ ਅਤੇ ਸਿੱਖ ਗੁਰੂਆਂ ਵਿਰੁੱਧ ਭੱਦੀ ਸ਼ਬਦਾਵਲੀ ਵਰਤਣ ਵਾਲੇ ਮੁਲਜ਼ਮ ਦਾ ਅਦਾਲਤ ਵਿਚ ਕੇਸ ਲੜਣ ਤੋਂ ਕਿਨਾਰਾ ਕਰਨ ਵਾਲੇ ਵਕੀਲ ਭਾਈਚਾਰੇ ਦਾ ਸਿੱਖ ਜਥੇਬੰਦੀਆਂ ਨੇ ਸਿਰੋਪਾਓ ਨਾਲ ਕੀਤਾ ਸਨਮਾਨ। ਜ਼ਿਲ੍ਹਾ ਬਾਰ ਕੌਂਸਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਵਕੀਲ ਭਾਈਚਾਰੇ ਦਾ ਧੰਨਵਾਦ ਕਰਨ ਉਪਰੰਤ ਗੱਲਬਾਤ ਕਰਦਿਆਂ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਫ਼ਿਰੋਜ਼ਪੁਰ ਨੇ ਦੱਸਿਆ ਕਿ ਸਿੱਖ ਜਥੇਬੰਦੀਆਂ ਵੱਲੋਂ ਬਾਰ ਕੌਂਸਲ ਦੇ ਪ੍ਰਧਾਨ ਲਵਜੀਤਪਾਲ ਸਿੰਘ ਟੁਰਨਾ ਅਤੇ ਹੋਰ ਵਕੀਲ ਸਾਹਿਬਾਨ ਜਿਨ੍ਹਾਂ ਵਿਚ ਅੰਗਰੇਜ਼ ਸਿੰਘ ਬੈਂਸ, ਕੁਲਦੀਪ ਸਿੰਘ ਬਰਾੜ, ਸੁਖਪਾਲ ਸਿੰਘ ਮਹਾਲਮ, ਨਵਬੀਰ ਸਿੰਘ ਢਿੱਲੋਂ, ਸੰਦੀਪ ਖੰਨਾ, ਸਾਹਿਲ ਰਹੇਲਾ ਅਤੇ ਗੁਰੇਸ਼ ਆਨੰਦ ਸਮੇਤ ਹੋਰ ਵਕੀਲ ਸਾਹਿਬਾਨ ਨੂੰ ਧਾਰਮਿਕ ਜਥੇਬੰਦੀਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸਨਮਾਨ ਸਮਾਰੋਹ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਅਤੇ ਸਾਰੀਆਂ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਵਿਕਰਮਜੀਤ ਸਿੰਘ ਉਰਫ ਗੱਬਰ ਨੇ ਸਿੱਖ ਗੁਰੂ ਸਾਹਿਬਾਨ ਅਤੇ ਗੁਰੂ ਗ੍ਰੰਥ ਸਾਹਿਬ ਤੇ ਛੋਟੇ ਸਾਹਿਬਜ਼ਾਦਿਆਂ ਅਤੇ ਬਾਬਾ ਦੀਪ ਸਿੰਘ ਜੀ ਬਾਰੇ ਭੱਦੀ ਸ਼ਬਦਾਵਲੀ ਬੋਲੀ ਸੀ, ਜਿਸ ਦੇ ਚਲਦਿਆਂ ਪੁਲਿਸ ਥਾਣਾ ਸਿਟੀ ਵਿਖੇ ਮੁਕੱਦਮਾ ਨੰਬਰ 0057 ਦਰਜ ਕੀਤਾ ਗਿਆ ਸੀ, ਜਿਸ ਦੇ ਸਬੰਧ ਵਿਚ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੂਹ ਵਕੀਲ ਭਾਈਚਾਰੇ ਨੇ ਇਸ ਦੋਸ਼ੀ ਦਾ ਕੇਸ ਲੜਣ ਤੋਂ ਇਨਕਾਰੀ ਹੁੰਦਿਆਂ ਉਸ ਦਾ ਡੱਟ ਕੇ ਵਿਰੋਧ ਕੀਤਾ ਸੀ।ਉਨ੍ਹਾਂ ਦੱਸਿਆ ਕਿ ਉਕਤ ਦੁਸ਼ਟ ਵਿਰੁੱਧ ਨਾ ਤਾਂ ਕਿਸੇ ਵਕੀਲ ਵੱਲੋਂ ਪੇਸ਼ੀ ਭੁਗਤੀ ਗਈ ਅਤੇ ਨਾ ਹੀ ਕਿਸੇ ਐਮ.ਸੀ ਵੱਲੋਂ ਪੇਸ਼ ਹੋਇਆ ਗਿਆ। ਇਸ ਮੌਕੇ ਲਖਵੀਰ ਸਿੰਘ ਮਹਾਲਮ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਅਵਤਾਰ ਸਿੰਘ ਫੌਜੀ ਗ੍ਰੰਥੀ, ਬਲਕਾਰ ਸਿੰਘ, ਰਣਜੀਤ ਸਿੰਘ ਲਾਡੀ ਬੱਬਰ, ਕਾਲਾ ਸਿੰਘ ਕਵੀਸ਼ਰ, ਜਗਿੰਦਰ ਸਿੰਘ ਮਹਾਲਮ, ਕੁਲਦੀਪ ਸਿੰਘ ਨੰਢਾ, ਬਲਕਾਰ ਸਿੰਘ, ਸੰਤੋਖ ਸਿੰਘ ਬੱਗਾ ਪਿੱਪਲ, ਗੁਰਬਚਨ ਸਿੰਘ, ਕਿਰਨਦੀਪ ਸਿੰਘ ਦੀਪਾ ਪੱਲਾ ਆਦਿ ਹਾਜ਼ਰ ਸਨ।

## ਝੂਠਾ ਪੁਲਿਸ ਮੁਕਾਬਲਾ ਬਣਾਂਕੇ ਮਾਰੇ ਰਣਜੀਤ ਸਿੰਘ ਦੇ ਪਰਿਵਾਰ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਡੱਟ ਕੇ ਖੜਾ ਹੈ : ਅਡਵੋਕੇਟ ਅਜੇਪਾਲ ਸਿੰਘ ਢਿਲੋਂ

### 1 ਮਾਰਚ ਦੇ ਬੱਬਰੀ ਬਾਈਪਾਸ (ਟੈਂਕ ਚੌਕ) ਇਕੱਠ ਵਿੱਚ ਵੱਡੀ ਪੱਧਰ ’ਤੇ ਸ਼ਮੂਲੀਅਤ ਦਾ ਐਲਾਨ



**ਗੁਰਦਾਸਪੁਰ 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਹਲਕਾ ਇੰਚਾਰਜ ਐਡਵੋਕੇਟ ਅਜੇਪਾਲ ਸਿੰਘ ਢਿਲੋਂ ਪੀੜਿਤ ਪਰਿਵਾਰ ਦੇ ਘਰ ਪਹੁੰਚੇ ਅਤੇ ਪੰਜਾਬ ਪੁਲਿਸ ਵੱਲੋਂ ਝੂਠਾ ਪੁਲਿਸ ਮੁਕਾਬਲਾ ਬਣਾਕੇ ਮਾਰੇ 19 ਸਾਲਾ ਨੌਜਵਾਨ ਰਣਜੀਤ ਸਿੰਘ ਦੀ ਮੌਤ ‘ਤੇ ਗਹਿਰਾ ਦੁੱਖ ਪ੍ਰਗਟ ਕੀਤਾ।ਉਨ੍ਹਾਂ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਇਨਸਾਫ਼ ਦੀ ਲੜਾਈ ਵਿੱਚ ਹਰ ਪੱਧਰ ‘ਤੇ ਉਨ੍ਹਾਂ ਦੇ ਨਾਲ ਡੱਟ ਕੇ ਖੜੀ ਹੈ।ਐਡਵੋਕੇਟ ਅਜੇਪਾਲ ਸਿੰਘ ਢਿਲੋਂ ਨੇ ਕਿਹਾ ਕਿ ਇਸ ਸਬੰਧ ਵਿੱਚ ਹਰ ਤਰ੍ਹਾਂ ਦੀ ਕਾਨੂੰਨੀ ਲੜਾਈ ਵੀ ਲੜੀ ਜਾਵੇਗੀ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਤੇ ਪਰਿਵਾਰ ਨੂੰ ਪੂਰਾ ਇਨਸਾਫ਼ ਦਿਵਾਉਣ ਤੱਕ ਸੰਘਰਸ਼ ਜਾਰੀ ਰਹੇਗਾ।ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਰਣਜੀਤ ਸਿੰਘ ਦੇ ਕਥਿੱਤ ਪੁਲਿਸ ਮੁਕਾਬਲੇ ਦੀ ਸਖ਼ਤ ਨਿਖੇਧੀ ਕਰਦਾ ਹੈ।ਉਹਨਾਂ ਕਿਹਾ ਕਿ ਇਹ ਮਾਮਲਾ ਗੰਭੀਰ ਸਵਾਲ ਖੜ੍ਹਾ ਕਰਦਾ ਹੈ ਕਿ ਕੀ ਪੰਜਾਬ ਵਿੱਚ ਕਾਨੂੰਨ ਨਾਮ ਦੀ ਕੋਈ ਚੀਜ ਹੈ ਜਾਂ ਫਿਰ ਇਹ ਪੁਲਿਸ ਰਾਜ ਵਿੱਚ ਤਬਦੀਲ ਹੋ ਗਿਆ ਹੈ ਅਤੇ ਭੇਡਾਂ ਬੱਕਰੀਆਂ ਵਾਂਗ ਪੰਜਾਬ ਦੇ ਨੌਜਵਾਨਾਂ ਦਾ ਸ਼ਿਕਾਰ ਖੇਡਿਆ ਜਾ ਰਿਹਾ ਹੈ। ਉਹਨਾਂ ਮੰਗ ਕੀਤੀ ਹੈ ਕਿ ਇਸ ਘਟਨਾ ਦੀ ਸੀ ਬੀ ਆਈ ਇਨਕੁਆਰੀ ਹੋਣੀ ਚਾਹੀਦੀ ਹੈ, ਅਤੇ ਐਨਕਾਊਂਟਰ ਦੀ ਪੂਰੀ ਰਿਪੋਰਟ ਜਨਤਕ ਕੀਤੀ ਜਾਣੀ ਚਾਹੀਦੀ ਹੈ ’ਤੇ ਜਿਸ ਜਿਸ ਪੁਲਿਸ ਅਧਿਕਾਰੀ ਦੀ ਸ਼ਮੂਲੀਅਤ ਸਾਬਤ ਹੋਵੇ ਤਾਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇਸ ਦੌਰਾਨ ਰਣਜੀਤ ਸਿੰਘ ਦੇ ਪਰਿਵਾਰ ਵੱਲੋਂ 1 ਮਾਰਚ ਨੂੰ ਬੱਬਰੀ ਬਾਈਪਾਸ (ਟੈਂਕ ਚੌਕ) ਗੁਰਦਾਸਪੁਰ ਵਿਖੇ ਰੱਖੇ ਗਏ ਇਕੱਠ ਨੂੰ ਪੂਰਾ ਸਮਰਥਨ ਦਿੰਦਿਆਂ ਐਡਵੋਕੇਟ ਅਜੇਪਾਲ ਸਿੰਘ ਢਿਲੋਂ ਨੇ ਕਿਹਾ ਕਿ ਪਾਰਟੀ ਇਸ ਧਰਨੇ ਵਿੱਚ ਵੱਡੀ ਪੱਧਰ ‘ਤੇ ਸ਼ਮੂਲੀਅਤ ਕਰੇਗੀ। ਉਹਨਾਂ ਪੰਜਾਬ ਦੇ ਇਨਸਾਫ਼ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਪੀੜਿਤ ਪਰਿਵਾਰ ਲਈ ਵੱਡੇ ਪੱਧਰ ਤੇ ਆਵਾਜ਼ ਉਠਾਈ ਜਾਵੇ ਤਾਂ ਜੋ ਸਮੇਂ ਦੀ ਤਾਨਾਸ਼ਾਹੀ ਸਰਕਾਰ ਦਾ ਜਾਲਮ ਚਿਹਰਾ ਲੋਕਾਂ ਸਾਹਮਣੇ ਆ ਸਕੇ।ਉਹਨਾਂ ਦ੍ਰਿੜ੍ਹਤਾ ਨਾਲ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਵਿੱਚ ਲੋਕਤੰਤਰ ਦੀ ਬਹਾਲੀ, ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਨੌਜਵਾਨੀ ਦੇ ਭਵਿੱਖ ਦੀ ਸੁਰੱਖਿਆ ਲਈ ਸੰਘਰਸ਼ ਜਾਰੀ ਰਹੇਗਾ।

# ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਮੁਫ਼ਤ ਦੰਦਾਂ ਦਾ ਚੈਕਅਪ ਕੈਂਪ




**ਫ਼ਿਰੋਜ਼ਪੁਰ, 27 ਫਰਵਰੀ (ਮਨੋਹਰ ਲਾਲ) :—** ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਫਿਰੋਜ਼ਪੁਰ-ਮੋਗਾ ਰੋਡ ਸਥਿਤ ਸੰਸਥਾ ਦੀ ਅਗਵਾਈ ਹੇਠ ਸ਼ਹਿਰ ਦੇ ਲੋਹਾਰਾ ਵਾਲਾ ਮੁਹੱਲਾ ਵਿੱਚ ਮੁਫ਼ਤ ਡੈਂਟਲ ਚੈਕਅਪ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਦੰਦਾਂ ਦੀ ਸਿਹਤ ਬਾਰੇ ਜਾਗਰੂਕ ਕਰਨਾ ਅਤੇ ਸ਼ੁਰੂਆਤੀ ਪੜਾਅ ਵਿੱਚ ਹੀ ਦੰਦਾਂ ਨਾਲ ਸੰਬੰਧਿਤ ਸਮੱਸਿਆਵਾਂ ਦੀ ਪਛਾਣ ਕਰਕੇ ਉਚਿਤ ਸਲਾਹ ਦੇਣਾ ਸੀ। ਕੈਂਪ ਦੌਰਾਨ ਡਾ: ਸੁਵੰਸ਼ ਗੁਪਤਾ ਅਤੇ ਡਾ: ਰਾਹੁਲ ਯਾਦਵ ਨੇ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦੇ ਦੰਦਾਂ ਦੀ ਜਾਂਚ ਕੀਤੀ।ਉਨ੍ਹਾਂ ਮਰੀਜ਼ਾਂ ਨੂੰ ਦੰਦਾਂ ਦੀ ਨਿਯਮਿਤ ਸਫਾਈ, ਸਹੀ ਬ੍ਰਸ਼ਿੰਗ ਤਰੀਕੇ, ਮਿੱਠੇ ਖਾਦ ਪਦਾਰਥਾਂ ਦੇ ਸੀਮਿਤ ਸੇਵਨ ਅਤੇ ਸਮੇਂ—ਸਮੇਂ ਤੇ ਡੈਂਟਲ ਜਾਂਚ ਕਰਵਾਉਣ ਬਾਰੇ ਜਾਣਕਾਰੀ ਦਿੱਤੀ। ਡਾ: ਸੁਵੰਸ਼ ਗੁਪਤਾ ਨੇ ਕਿਹਾ ਕਿ ਅਕਸਰ ਲੋਕ ਦੰਦਾਂ ਦੀ ਸਮੱਸਿਆ ਵੱਧਣ ਤੋਂ ਬਾਅਦ ਹੀ ਡਾਕਟਰ ਕੋਲ ਜਾਂਦੇ ਹਨ, ਜਦਕਿ ਨਿਯਮਿਤ ਜਾਂਚ ਨਾਲ ਕਈ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਤੰਦਰੁਸਤ ਦੰਦ ਚੰਗੀ ਸਿਹਤ ਦੀ ਮਜ਼ਬੂਤ ਬੁਨਿਆਦ ਹਨ। ਡਾ: ਰਾਹੁਲ ਯਾਦਵ ਨੇ ਦੱਸਿਆ ਕਿ ਬੱਚਿਆਂ ਅਤੇ ਬਜ਼ੁਰਗਾਂ ਨੂੰ ਖ਼ਾਸ ਤੌਰ ‘ਤੇ ਮੌਖਿਕ ਸਫ਼ਾਈ ‘ਤੇ ਧਿਆਨ ਦੇਣਾ ਚਾਹੀਦਾ ਹੈ ਅਤੇ ਦਿਨ ਵਿੱਚ ਘੱਟੋ—ਘੱਟ ਦੋ ਵਾਰ ਬ੍ਰਸ਼ ਕਰਨਾ ਲਾਜ਼ਮੀ ਹੈ। ਇਸ ਮੌਕੇ ‘ਤੇ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਇਲਾਕਾ ਵਾਸੀਆਂ ਨੂੰ ਟੂਥਪੇਸਟ ਅਤੇ ਬ੍ਰਸ਼ ਵੰਡੇ ਗਏ ਅਤੇ ਮੌਖਿਕ ਸਫ਼ਾਈ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਸਥਾਨਕ ਲੋਕਾਂ ਨੇ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਅਜਿਹੇ ਸਿਹਤ ਕੈਂਪ ਸਮਾਜ ਲਈ ਬਹੁਤ ਲਾਭਦਾਇਕ ਹਨ। ਆਯੋਜਕਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਜਨਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਵੱਖ—ਵੱਖ ਖੇਤਰਾਂ ਵਿੱਚ ਮੁਫ਼ਤ ਸਿਹਤ ਜਾਂਚ ਕੈਂਪ ਲਗਾਏ ਜਾਂਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰੋਪਰਟੀ ਡੀਲਰਾਂ ਦਾ ਵਫ਼ਦ ਆਪਣੀਆਂ ਮੰਗਾਂ ਨੂੰ ਲੈ ਕੇ

# ਪ੍ਰਧਾਨ ਅਸੀਸ ਢੰਡ ਦੀ ਅਗਵਾਈ ਹੇਠ ਓ ਐਸ ਡੀ ਸੁਖਬੀਰ ਸਿੰਘ ਸੁੱਖੀ ਨੂੰ ਮਿਲਿਆ



**ਧੂਰੀ (ਰਣਜੀਤ ਸਿੰਘ ਪੇਧਨੀ )**-ਪ੍ਰੋਪਰਟੀ ਡੀਲਰ ਐਸੋਸੀਏਸ਼ਨ ਧੂਰੀ ਦੇ ਆਗੂਆਂ ਦਾ ਵਫ਼ਦ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਧਾਨ ਅਸੀਸ ਢੰਡ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐਸ ਡੀ ਸੁਖਬੀਰ ਸਿੰਘ ਸੁੱਖੀ ਨੂੰ ਮਿਲਿਆ , ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋਪਰਟੀ ਡੀਲਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਅਸੀਸ ਢੰਡ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐਸ ਡੀ ਸੁਖਬੀਰ ਸਿੰਘ ਸੁੱਖੀ ਨੇ ਪ੍ਰੋਪਰਟੀ ਡੀਲਰਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੀਆਂ ਮੰਗਾਂ ਦੇ ਹੱਲ ਲਈ ਸੰਬਧਿਤ ਅਧਿਕਾਰੀਆਂ ਨੂੰ ਤੁਰੰਤ ਨਿਰਦੇਸ਼ ਦਿੱਤੇ । ਇਸ ਮੌਕੇ ਕੋਸਲਰ ਪੁਸ਼ਿਪੰਦਰ ਸ਼ਰਮਾ , ਸਾਬਕਾ ਕੋਸਲਰ ਅਸ਼ਵਨੀ ਧੀਰ ,ਆਪ ਆਗੂ ਸੰਦੀਪ ਬਾਂਸਲ , ਵਾਇਸ ਪ੍ਰਧਾਨ ਸੋਨੂੰ ਹੇੜੀਕੇ , ਲਖਵੀਰ ਸਿੰਘ ਢੀਂਡਸਾ , ਰਾਕੇਸ਼ ਕੁਮਾਰ , ਖਜਾਨਚੀ ਗੋਪਾਲ ਸਿੰਗਲਾ , ਰੋਮੀ ਢੰਡ , ਬਬਲੂ ਢੰਡ , ਮੁਨੀਸ ਵੋਹਰਾ , ਗੱਗੀ ਖੁਰਮੀ , ਪ੍ਰੀਤ ਧੂਰੀ , ਰਜਿੰਦਰ ਕੁਮਾਰ ਬਾਬਾ , ਪੁਸ਼ਿਪੰਦਰ ਸਿੰਘ , ਸਤਿੰਦਰ , ਪਿੰਕੀ , ਜਿੰਮੀ ਗਰਗ , ਕ੍ਰਿਸ਼ਨ ਮਿੱਤਲ ,ਚੰਦਨ , ਸ਼ੰਕਰ , ਰਾਜੂ ਅਤੇ ਹੋਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡਾਂ ਦੇ ਵਿਕਾਸ ਕੰਮਾਂ ਨੂੰ ਬਿਨ੍ਹਾਂ ਕਿਸੇ ਪੱਖਪਾਤ ਤੋਂ ਕਰਨ ਨੂੰ ਤਰਜੀਹ ਦੇਣ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰ : ਲਾਲ ਚੰਦ ਕਟਾਰੂ ਚੱਕ

# ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸਦ ਚੋਣਾਂ ਦੇ ਜੇਤੂ ਉਮੀਦਵਾਰਾਂ ਨੂੰ ਅਹੁਦਾ ਸੰਭਾਲਣ ਦੀ ਰਸਮੀ ਸਹੁੰ ਚੁਕਾਈ



**ਪਠਾਨਕੋਟ, 27 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਥਾਨਕ ਸਰਨਾ ਵਿਖੇ ਸਥਿਤ ਸਕੁੰਤਲਾ ਪੈਲਸ ਵਿਖੇ ਦਸੰਬਰ 2025 ਵਿੱਚ ਹੋਈਆਂ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸਦ ਚੋਣਾਂ ਦੇ ਜੇਤੂ ਉਮੀਦਵਾਰਾਂ ਨੂੰ ਸਹੁੰ ਚਕਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਰੋਹ ਰੱਖਿਆ ਗਿਆ।

ਸਮਾਰੋਹ ਦੌਰਾਨ ਸ਼੍ਰੀ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ। ਇਸ ਤੋਂ ਇਲਾਵਾ ਸਰਵ ਸ਼੍ਰੀ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ), ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪਠਾਨਕੋਟ, ਸੋਰਭ ਬਹਿਲ ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ, ਜਸਵੰਤ ਸਿੰਘ ਬੜੈਚ ਵਧੀਕ ਡਿਪਟੀ ਕਮਿਸ਼ਨਰ ( ਵਿਕਾਸ), ਨਰੇਸ਼ ਸੈਣੀ ਮਾਝਾ ਜੋਨ ਕੁਆਰਡੀਨੇਟਰ, ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਹੁਦੇਦਾਰ ਅਤੇ ਵਿਭਾਗੀ ਪ੍ਰਸ਼ਾਸਨਿਕ ਅਧਿਕਾਰੀ ਵੀ ਹਾਜ਼ਰ ਸਨ।



ਸਮਾਰੋਹ ਦੌਰਾਨ ਮੁੱਖ ਮਹਿਮਾਨ ਕੈਬਨਿਟ ਮੰਤਰੀ ਪੰਜਾਬ ਜੀ ਦਾ ਸਵਾਗਤ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਜਸਵੰਤ ਸਿੰਘ ਬੜੈਚ ਨੇ ਜ਼ਿਲ੍ਹਾ ਪ੍ਰੀਸਦ ਚੋਣਾਂ ਦੇ ਜੇਤੂ ਉਮੀਦਵਾਰਾਂ ਅਤੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ। ਉਨ੍ਹਾਂ ਪੇਡੂ ਵਿਕਾਸ ਤੇ ਪੰਚਾਇਤ ਵਿਭਾਗ ਦੀਆਂ ਸਕੀਮਾਂ ਅਤੇ ਚੱਲ ਰਹੇ ਵਿਕਾਸ ਕੰਮਾਂ ਦੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਤੇ ਸੰਬੋਧਿਤ ਕਰਦਿਆਂ ਸ਼੍ਰੀ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸਦ ਮੈਂਬਰਾਂ ਨੂੰ ਜਿੱਥੇ ਮੁਬਾਰਕਬਾਦ ਦਿੱਤੀ ਉੱਥੇ ਹੀ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਹਰੇਕ ਲੋੜਵੰਦ ਤੱਕ ਪਹੁੰਚਾਉਣ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਵਿੱਚ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸਦ ਮੈਂਬਰਾਂ ਦੀ ਅਹਿਮ ਭੂਮਿਕਾ ਹੈ। ਉਹਨਾਂ ਸਮੂਹ ਜੇਤੂ ਮੈਂਬਰਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਸ਼ਕਤੀਆਂ ਤੋਂ ਜਾਣੂ ਕਰਵਾਇਆ ਅਤੇ ਹਰੇਕ ਜੇਤੂ ਮੈਂਬਰ ਸਹਿਬਾਨ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਹਰੇਕ ਜੇਤੂ ਮੈਂਬਰ ਦੀ ਇਹ ਨਿੱਜੀ ਜਿੰਮੇਵਾਰੀ ਬਣਦੀ ਹੈ ਕਿ ਉਹ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪਿੰਡਾਂ ਦੇ ਵਿਕਾਸ ਕੰਮਾਂ ਨੂੰ ਵੱਧ ਚੜ੍ਹ ਕੇ ਕਰਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ,ਸਿਹਤ,ਰੋਜਗਾਰ, ਵਿਕਾਸ ਕਾਰਜਾਂ ਅਤੇ ਸੂਬੇ ਦੇ ਲੋਕ ਦੀ ਭਲਾਈ ਲਈ ਹਰੇਕ ਪੱਖ ਤੋਂ ਮਜਬੂਤੀ ਨਾਲ ਕੰਮ ਕਰ ਰਹੀ ਹੈ। ਉਹਨਾਂ ਜੇਤੂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਨੂੰ ਸੁਭਕਾਮਨਾਵਾਂ ਦਿੱਤੀਆ ਅਤੇ ਪਿੰਡਾਂ ਦੇ ਵਿਕਾਸ ਕੰਮਾਂ ਨੂੰ ਬਿਨ੍ਹਾਂ ਕਿਸੇ ਪੱਖਪਾਤ ਅਤੇ ਰਾਜਨੀਤੀ ਤੋਂ ਉੱਤੇ ਉੱਠ ਕੇ ਕਰਨ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਉਨ੍ਹਾਂ ਸਮੂਹ ਜੇਤੂ ਮੈਂਬਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਪਿੰਡਾਂ ਦੇ ਵਿਕਾਸ ਲਈ ਮੈਂਬਰਾਂ ਵੱਲੋਂ ਵਿਕਾਸ ਕੰਮਾਂ ਲਈ ਲਿਆਂਦੇ ਹਰੇਕ ਮਤੇ ਨੂੰ ਤਰਜ਼ੀਹ ਨਾਲ ਵਿਚਾਰਿਆ ਜਾਵੇਗਾ। ਉਨ੍ਹਾਂ ਕਿਹਾ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆ ਤੋਂ ਰਾਜ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਹਨਾਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਜੇਤੂ ਮੈਂਬਰ ਸਾਹਿਬਾਨ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪਿੰਡਾਂ ਦੇ ਲੋਕਾਂ ਦੀ ਆਵਾਜ਼ ਬਣਕੇ ਵਿਕਾਸ ਕਰਵਾਉਣ । ਸਮਾਰੋਹ ਦੌਰਾਨ ਸ੍ਰੀ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਸਮੂਹ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੂੰ ਅਹੁਦਾ ਸੰਭਾਲਣ ਦੀ ਰਸਮੀ ਸਹੁੰ ਚੁਕਾਈ। ਇਸ ਮੌਕੇ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਸ਼੍ਰੀ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਜੀ ਨੂੰ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਨੂੰ ਦੁਸ਼ਾਲੇ ਭੇਂਟ ਕਰਕੇ ਸਨਮਾਨਿਤ ਕੀਤਾ।

> **ਪਿੰਡਾਂ ਦੇ ਵਿਕਾਸ ਵਿੱਚ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸਦ ਮੈਂਬਰਾਂ ਦੀ ਅਹਿਮ ਭੂਮਿਕਾ- ਸੰਜੀਵ ਸ਼ਰਮਾ**

# ਮਾਣ ਮੱਤੀਆਂ ਪ੍ਰਾਪਤੀਆਂ ਕਰਨ ਵਾਲੀ ਅਧਿਆਪਕਾ : ਕਰਮਜੀਤ ਕੌਰ ਜੱਸਲ

### ਸੇਵਾ ਮੁਕਤੀ ’ਤੇ ਵਿਸ਼ੇਸ਼



**ਚੌਕ ਮਹਿਤਾ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੇਵਾ-ਮੁਕਤੀ ਇੱਕ ਅਜਿਹਾ ਅਹਿਸਾਸ ਹੈ ਜੋ ਸਿਰਫ਼ ਉਨ੍ਹਾਂ ਚਿਹਰਿਆਂ ’ਤੇ ਝਲਕਦਾ ਹੈ, ਜਿਸਨੂੰ ਆਪਣੇ ਕਾਰਜ-ਕਾਲ ਦੌਰਾਨ ਦਿੱਤੇ ਯੋਗਦਾਨ ਉੱਤੇ ਰੱਜਵੀਂ ਤਸੱਲੀ ਅਤੇ ਫ਼ਖ਼ਰ ਹੋਵੇ। ਦਰਅਸਲ ਸੇਵਾ-ਮੁਕਤੀ ਜ਼ਿੰਦਗੀ ਦੇ 35-40 ਸਾਲ ਲੰਮੇ ਸਫ਼ਰ ਦੀ ਰੌਚਕ ਕਹਾਣੀ ਦਾ ਸੁਆਦਲਾ ਅੰਤ ਹੈ। 28 ਫਰਵਰੀ ਨੂੰ ਇੱਕ ਬਹੁਤ ਹੀ ਮਿਹਨਤੀ, ਇਮਾਨਦਾਰ, ਮਿੱਠ -ਬੋਲੜੇ, ਸੂਝਵਾਨ ਮੈਡਮ ਕਰਮਜੀਤ ਕੌਰ ਜੱਸਲ ਸੇਵਾ ਮੁਕਤ ਹੋ ਰਹੇ ਹਨ। ਉਨ੍ਹਾਂ ਦਾ ਜਨਮ 21/2/1968 ਨੂੰ ਮਾਤਾ ਸ੍ਰੀਮਤੀ ਸਵਿੰਦਰ ਕੌਰ ਦੀ ਸੁਲੱਖਣੀ ਕੁੱਖੋਂ ਪਿਤਾ ਸ. ਬਖਸ਼ੀਸ਼ ਸਿੰਘ ਦੇ ਘਰ, ਪਿੰਡ ਵਲਟੋਹਾ ਵਿਖੇ ਹੋਇਆ । ਉਨ੍ਹਾਂ ਨੇ ਗਿਆਰਵੀਂ ਤੱਕ ਦੀ ਸਿੱਖਿਆ ਨੌਨ ਮੈਡੀਕਲ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਲਟੋਹਾ ਵਿਖੇ ਕੀਤੀ, ਉਸਤੋਂ ਬਾਅਦ ਬੀ.ਏ.ਆਪਣੇ ਜੱਦੀ ਸ਼ਹਿਰ ਤਰਨ ਤਾਰਨ, ਮਾਤਾ ਗੰਗਾ ਗਰਲਜ਼ ਕਾਲਜ ਤੋਂ ਕੀਤੀ ਅਤੇ 1989 ਵਿੱਚ ਬੀ.ਐਡ.ਦੇਵ ਸਮਾਜ ਕਾਲਜ ਫਿਰੋਜ਼ਪੁਰ ਤੋਂ 1990 ਵਿੱਚ ਕੀਤੀ। ਉਪਰੰਤ ਵਿਆਹ ਫਰਵਰੀ 1991 ਵਿੱਚ ਸ:ਪ੍ਰਿਥੀਪਾਲ ਸਿੰਘ ਮੁੱਖ ਅਧਿਆਪਕ, ਨਿਵਾਸੀ ਭਿੱਖੀਵਿੰਡ ਨਾਲ ਹੋਇਆ। ਉਨ੍ਹਾਂ ਦੀ ਜ਼ਿੰਦਗੀ ਦਾ ਖ਼ੂਬਸੂਰਤ ਪੜਾਅ ਉਦੋਂ ਸ਼ੁਰੂ ਹੋਇਆ, ਜਦੋਂ 15 ਮਾਰਚ 1991 ਨੂੰ ਜੇ.ਬੀ.ਟੀ. ਦੀ ਅਸਾਮੀ ਦੇ ਵਿਰੁੱਧ ਸਰਕਾਰੀ ਪ੍ਰਾਇਮਰੀ ਸਕੂਲ ਸਰਾਏ ਵਲਟੋਹਾ ਜ਼ਿਲ੍ਹਾ ਤਰਨ ਤਾਰਨ ਵਿਖੇ ਜੁਆਇਨ ਕੀਤਾ। ਇਸੇ ਦੌਰਾਨ 1992- 94 ਵਿੱਚ ਐਮ.ਏ. ਪੰਜਾਬੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਕੀਤੀ।1995 ਵਿੱਚ ਐਮ.ਐਡ.ਵੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਕੀਤੀ। ਆਪ ਜੀ ਦੇ ਦੋ ਬੇਟੇ ਹਨ, ਵੱਡਾ ਬੇਟਾ ਬਤੌਰ ਅਸਿਸਟੈਂਟ ਈ.ਟੀ.ਓ. ਕਪੂਰਥਲਾ ਵਿਖੇ ਐਕਸਾਈਜ਼ ਐਂਡ ਟੈਕਸਟੇਸ਼ਨ ਵਿਭਾਗ ਵਿੱਚ ਸੇਵਾ ਨਿਭਾਅ ਰਿਹਾ ਹੈ 9 ਨੂੰਹ ਬੀ.ਡੀ. ਐਸ. ਗੋਲਡ ਮੈਡਲਿਸਟ ਅਤੇ ਪੀ.ਸੀ. ਐਸ. ਕਲੀਅਰ ਹੈ ਅਤੇ ਛੋਟਾ ਬੇਟਾ ਜੋ ਉੱਚ ਵਿੱਦਿਆ ਪ੍ਰਾਪਤ ਕਰਕੇ ਕੈਨੇਡਾ ਦੀ ਧਰਤੀ ਤੇ ਪਹੁੰਚ ਗਿਆ ਹੈ । ਮੈਡਮ ਜੱਸਲ ਨੇ ਸਰਾਏ ਵਲਟੋਹਾ ਤੋਂ ਬਾਅਦ 1995 ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਦਿਆਲਪੁਰਾ, ਬਲਾਕ ਭਿੱਖੀਵਿੰਡ, 1999 ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਸਰਾਏ ਅਮਾਨਤ ਖਾਂ, ਬਲਾਕ ਗੰਡੀਵਿੰਡ ਵਿਖੇ ਸੇਵਾਵਾਂ ਨਿਭਾਈਆਂ। 28 ਮਈ 2001 ਨੂੰ ਪੰਜਾਬੀ ਅਧਿਆਪਕਾ ਵਜੋਂ ਪਦਉਨਤ ਹੋ ਕੇ ਸਰਕਾਰੀ ਹਾਈ ਸਕੂਲ ਪ੍ਰੀਤ ਨਗਰ ਅੰਮ੍ਰਿਤਸਰ ਵਿਖੇ ਚਲੇ ਗਏ। ਅਗਸਤ 2002 ਵਿੱਚ ਬਾਬਾ ਸੋਹਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਕਨਾ ਕਲਾਂ ਵਿਖੇ ਅਤੇ ਜੂਨ 2009 ਵਿੱਚ ਸਕੂਲ ਆਫ ਐਮੀਨੈਂਸ ਛੇਹਰਟਾ ਵਿਖੇ ਆ ਗਏ। ਜਿਥੇ ਉਨ੍ਹਾਂ ਲਗਾਤਾਰ 16 ਸਾਲ 3 ਮਹੀਨੇ ਸੇਵਾਵਾਂ ਨਿਭਾਉਣ ਦੇ ਨਾਲ ਨਾਲ ਸ਼ੁਰੂ ਤੋਂ ਹੀ ਸਕੂਲੀ ਬੱਚਿਆਂ ਨੂੰ ਸੱਭਿਆਚਾਰਕ ਸਰਗਰਮੀਆਂ ਵਿੱਚ ਤਿਆਰ ਕਰਵਾਉਣਾ ਅਤੇ ਭਾਗ ਦਿਵਾਉਣਾ ਸ਼ੌਂਕ ਵੀ ਰਿਹਾ ’ਤੇ ਫਰਜ ਵੀ ਸਮਝਿਆ, ਜਿਸ ਸਦਕਾ ਅਨੇਕਾਂ ਮਾਣ ਸਨਮਾਨ ਸਕੂਲਾਂ ਦੀ ਝੋਲੀ ਪਾਏ. ਹਰੇਕ ਸੱਭਿਆਚਾਰਕ ਵਨਗੀ ਦੀ ਤਿਆਰੀ ਬੱਚਿਆਂ ਨੂੰ ਕਰਾਈ ਤੇ ਬਲਾਕ, ਜ਼ਿਲ੍ਹਾ ਤੇ ਰਾਜ ਪੱਧਰੀ ਇਨਾਮ ਹਾਸਿਲ ਕੀਤੇ। ਭਾਸ਼ਣ ਹਮੇਸ਼ਾਂ ਆਪ ਲਿਖ ਕੇ ਬੱਚਿਆਂ ਨੂੰ ਤਿਆਰ ਕਰਵਾਏ। ਇਸ ਤੋਂ ਬਿਨਾਂ ਹਰ ਇੱਕ ਵਨਗੀ ਜਿਵੇਂ ਭਾਸ਼ਣ,ਕਵਿਤਾ, ਗੀਤ, ਕਵੀਸ਼ਰੀ, ਨਾਟਕ,ਇਕਾਂਗੀ,ਗਤਕਾ ਆਦਿ ਵਿੱਚ ਵੀ ਹਿੱਸਾ ਦਵਾਉਂਦੇ ਰਹੇ। ਸਕੂਲ ਵਿੱਚ ਰੈਲੀਆਂ- ਬੱਚਿਆਂ ਨੂੰ ਪ੍ਰੇਰਨਾ ਦੇਣ ਲਈ ਨਸ਼ਿਆਂ , ਭਰੂਣ ਹੱਤਿਆ ,ਚਾਈਨਾ ਡੋਰ ਵਿਰੁੱਧ,ਵਾਤਾਵਰਨ ਦੀ ਸੰਭਾਲ, ਪੰਜਾਬੀ ਮਾਤ ਭਾਸ਼ਾ ਦੀ ਸੰਭਾਲ, ਬੇਟੀ ਬਚਾਓ ਬੇਟੀ ਪੜ੍ਹਾਓ ਸਬੰਧੀ ਰੈਲੀਆਂ ਕੱਢੀਆਂ। ਹਰ ਸਾਲ ਧਾਰਮਿਕ ਪ੍ਰੀਖਿਆ, ਤਰਕਸ਼ੀਲ ਪ੍ਰੀਖਿਆ, ਨੈਤਿਕ ਸਿੱਖਿਆ ਤੇ ਪ੍ਰੀਖਿਆ, ਨਸ਼ਿਆਂ ਵਿਰੁੱਧ ਪ੍ਰੀਖਿਆ ਵੱਖ-ਵੱਖ ਸੰਸਥਾਵਾਂ ਦੀ ਮਦਦ ਨਾਲ ਕਰਵਾਉਂਦੇ ਰਹੇ। ਮੁਕਾਬਲਿਆਂ ਵਿੱਚ ਜਜਮੈਂਟ ਕਰਨੀ, ਸਟੇਜ ਸਕੱਤਰ ਦੀ ਭੂਮਿਕਾ, ਸਕੂਲ ਜ਼ਿਲ੍ਹਾ ਅਤੇ ਰਾਜ ਪੱਧਰ ਤੇ ਨਿਭਾਉਂਦੇ ਰਹੇ। ਇਸ ਤੋਂ ਬਿਨਾਂ ਅਨੇਕਾਂ ਸਰਕਾਰੀ ਸਮਾਗਮਾਂ ਵਿੱਚ ਵੀ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਜਿਸਦੇ ਚਲਦੇ 26 ਜਨਵਰੀ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ ਵਲੋਂ ਬੈਸਟ ਟੀਚਰ ਦਾ ਸਨਮਾਨ ਦੇਕੇ ਨਵਾਜਿਆ ਗਿਆ ਅਤੇ ਉਨ੍ਹਾਂ ਨੂੰ ਵੱਖ ਵੱਖ ਧਾਰਮਿਕ ,ਸਮਾਜਿਕ ਸੰਸਥਾਵਾ ਵਲੋਂ ਸਨਮਾਨਤ ਵੀ ਕੀਤਾ ਗਿਆ। ਆਪ ਜੀ ਦੀਆਂ ਅਨੇਕਾਂ ਹੋਰ ਪ੍ਰਾਪਤੀਆਂ ਹਨ। ਜਿੰਨਾਂ ਦਾ ਵਰਨਣ ਸ਼ਬਦਾਂ ਰਾਹੀਂ ਕਰਨਾ ਸੰਭਵ ਨਹੀਂ। ਇਹੀ ਕਿਸੇ ਮਾਣਮਤੀ ਸਖਸ਼ੀਅਤ ਦੀ ਪ੍ਰਾਪਤੀ ਹੁੰਦੀ ਹੈ। ਜਿਥੇ ਉਨ੍ਹਾਂ ਸਿੱਖਿਆ ਦੇ ਖੇਤਰ ਵਿੱਚ ਵੱਧ ਚੜ੍ਹ ਕੇ ਕੰਮ ਕੀਤਾ ਉਥੇ ਆਪਣੇ ਨਿਮਰ ਅਤੇ ਖੁਲ੍ਹੇ ਸੁਭਾਅ ਨਾਲ ਮੁਲਾਜ਼ਮ ਦੇ ਦਿਲਾਂ ਤੇ ਵੀ ਗਹਿਰੀ ਛਾਪ ਛੱਡੀ। ਜ਼ਿੰਦਗੀ ਦੀਆਂ ਰੰਗੀਨ ਅਤੇ ਠਰੰਮੇ ਨਾਲ ਚਲਦੀਆਂ ਪੈੜਾਂ ਤੇ ਸੁਨਿਹਰੀ ਛਾਪ ਛੱਡਦਿਆਂ ਆਪ 6 ਅਗਸਤ 2025 ਨੂੰ ਬਤੌਰ ਲੈਕਚਰਰ ਪੰਜਾਬੀ ਪਦਉਨਤ ਹੋ ਕੇ ਸਕੂਲ ਆਫ ਐਮੀਨੈਂਸ ਛੇਹਰਟਾ ਵਿਖੇ ਜੋਇਨ ਕੀਤਾ. 1 ਅਕਤੂਬਰ 2025 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖਾਸਾ ਬਾਜ਼ਾਰ ਅੰਮ੍ਰਿਤਸਰ ਵਿਖੇ ਚਲੇ ਗਏ। ਜਿੱਥੇ ਆਪ ਜੀ 35 ਸਾਲ ਦਾ ਸਫ਼ਰ ਤਹਿ ਕਰਦੇ ਹੋਏ ਉੱਥੇ ਪੰਜ ਮਹੀਨੇ ਬਤੌਰ ਲੈਕਚਰਾਰ ਪੰਜਾਬੀ ਸੇਵਾ ਨਿਭਾਅ ਕੇ ਮਿਤੀ 28 ਫਰਵਰੀ 2026 ਸੇਵਾ ਮੁਕਤ ਹੋ ਰਹੇ ਹਨ। ਇਥੇ ਜਿਕਰਯੋਗ ਹੈ ਕਿ ਡਿਊਟੀ ਦੌਰਾਨ ਇਹਨਾਂ ਨੇ ਕੰਮ ਨੂੰ ਕਦੇ ਵੀ ਜਵਾਬ ਨਹੀਂ ਦਿੱਤਾ। ਆਪ ਡਿਊਟੀ ਅਤੇ ਸਮੇਂ ਦੇ ਪੂਰੇ ਪਾਬੰਦ ਹਨ। ਡਿਊਟੀ ਤੋਂ ਕਦੇ ਵੀ ਲੇਟ ਨਾ ਹੋਣਾ ਇਹਨਾਂ ਦੀ ਸਿਰੜੀ ਸੋਚ ਦਾ ਪ੍ਰਤੀਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਲੇਕ ਹੈਡ ਹਾਈ ਸਕੂਲ ਸਿੱਖਿਆ ਦੇ ਖੇਤਰ ਵਿੱਚ ਮੋਹਰੀ : ਪ੍ਰਿੰਸੀਪਲ ਢਿੱਲੋ

**ਚੌਕ ਮਹਿਤਾ, 27 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਰਤ ਦੇਸ਼ ਮਹਾਨ ਹੈ ਦੇਸ਼ ਅੰਦਰ ਬਹੁਤ ਵੱਡੀਆਂ ਪ੍ਰਾਪਤੀਆਂ ਹਰ ਖੇਤਰ ਵਿੱਚ ਬੁੱਧੀਜੀਵੀਆਂ ਵੱਲੋਂ ਕੀਤੀਆਂ ਗਈਆਂ ਹਨ ਉਹਨਾਂ ਨੂੰ ਵੇਖਦਿਆਂ ਸਾਨੂੰ ਬੱਚਿਆਂ ਨੂੰ ਸਕੂਲ ਲੈਵਲ ਤੋਂ ਲੈ ਕੇ ਕਾਲਜ ਯੂਨੀਵਰਸਟੀ ਲੈਵਲ ਤੱਕ ਹਰ ਮਾਤਾ ਪਿਤਾ ਨੂੰ ਲੈ ਕੇ ਜਾਣਾ ਚਾਹੀਦਾ ਹੈ ਇਹ ਵਿਚਾਰ ਲੇਕ ਹੈਡ ਹੈਡ ਪਬਲਿਕ ਹਾਈ ਸਕੂਲ ਚੇਅਰਪਰਸਨ ਮੈਡਮ ਉਰਵਸ਼ੀ ਬਿਆਲਾ ਪ੍ਰਿੰਸੀਪਲ ਮੈਡਮ ਸ਼ਿਵਾਲਕਾ ਢਿੱਲੋ ਪ੍ਰੈਸ ਨਾਲ ਗੱਲਬਾਤ ਕਰਦੇ ਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਜਿੱਥੇ ਪਿਛਲੇ ਕਈ ਸਾਲਾਂ ਤੋਂ ਉਹ ਡਾਕਟਰ ਅਵਤਾਰ ਸਿੰਘ ਕਵਲਜੀਤ ਕੌਰ ਤਾਨੇਜਾ ਵਿਸ਼ੇਸ਼ ਯਤਨਾ ਸਦਕਾ ਸਕੂਲ ਨੂੰ ਵੱਡੇ ਪੱਧਰ ਤੇ ਚਲਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਉੱਥੇ ਸਰਹੱਦੀ ਖੇਤਰ ਨਾਲ ਲੱਗਦੇ ਪਿੰਡਾਂ ਦੇ ਲੋਕ ਫੀਸਾਂ ਦੀ ਦਰ ਘੱਟ ਹੋਣ ਕਰਕੇ ਸਕੂਲ ਦੀਆਂ ਸੇਵਾਵਾਂ ਵਿਦਿਆਰਥੀ ਬੜੇ ਲੰਬੇ ਸਮੇਂ ਤੋਂ ਪ੍ਰਾਪਤ ਕਰ ਰਹੇ ਹਨ ਪ੍ਰੋਗਰਾਮ ਨੂੰ ਅੱਗੇ ਵਧਾਉਂਦਿਆਂ ਅਮਨਦੀਪ ਸਿੰਘ ਬੋਲਦਿਆਂ ਕਿਹਾ ਕਿ ਸਕੂਲ ਦੀ ਮੈਨੇਜਮੈਂਟ ਅਤੇ ਸਮੁੱਚਾ ਸਟਾਫ ਹਰ ਸਮੇਂ ਸਕੂਲੀ ਵਿਦਿਆਰਥੀਆਂ ਲਈ ਤਤਪਰ ਰਹਿੰਦਾ ਹੈ ਅਤੇ ਸਮੇਂ ਸਮੇਂ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਬੂਟੇ ਪਾਣੀ ਦੀ ਹੋਂਦ ਨੂੰ ਬਚਾਉਣ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਪੇਂਟਿੰਗ ਖੇਡ ਮੁਕਾਬਲੇ ਗੁਰਦੁਆਰਾ ਯਾਤਰਾ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਇਸ ਵਿਸ਼ੇਸ਼ ਉਪਰਾਲੇ ਵਿੱਚ ਸਕੂਲ ਮੈਨੇਜਮੈਂਟ ਵਧਾਈ ਦੀ ਪਾਤਰ ਹੈ ਚੇਅਰਮੈਨ ਉਰਵਸ਼ੀ ਬਿਆਲਾ ਪ੍ਰਿੰਸੀਪਲ ਮੈਡਮ ਸ਼ਿਵਾਲਕਾ ਢਿੱਲੋ ਦੀ ਅਗਵਾਈ ਹੇਠ ਸਕੂਲੀ ਬੱਚਿਆਂ ਵੱਲੋਂ ਭੰਗੜਾ ਸੰਗੀਤ ਡਾਂਸ ਆਦਿ ਵਿੱਚ ਭੂਮਿਕਾ ਨਿਭਾਈ ਜਾਂਦੀ ਹੈ ਇਸ ਮੌਕੇ ਮੈਡਮ ਪੂਜਾ ਸ਼ਰਮਾ ਤੋ ਇਲਾਵਾ ਸਟਾਫ ਮੈਂਬਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**350 ਸਾਲਾ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਖਾਰਘਰ ਵਿਖੇ ਸਜਿਆ ਆਲੌਕਿਕ ਨਗਰ ਕੀਰਤਨ**

# ਦੇਵੇਂਦਰ ਫੜਨਵੀਸ ਦੇ ਸਹਿਯੋਗ ਤੇ ਬਾਬਾ ਹਰਨਾਮ ਸਿੰਘ ਖਾਲਸਾ ਦੀ ਸਰਪ੍ਰਸਤੀ ਹੇਠ ਉਵੇ ਮੈਦਾਨ 'ਚ ਸ਼ਤਾਬਦੀ ਸਮਾਗਮਾਂ ਦੀ ਆਰੰਭਤਾ ਅੱਜ ਤੋਂ





ਚੌਕ ਮਹਿਤਾ,27 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਨਵੀਂ ਮੁੰਬਾਈ ਦੇ ਖਾਰਗਰ ਵਿਖੇ ਉਵੇ ਮੈਦਾਨ ਅੰਦਰ ਸਜੇ ਸੁੰਦਰ ਤੇ ਮੁੱਖ ਪੰਡਾਲ 'ਸ੍ਰੀ ਗੁਰੁ ਤੇਗ ਬਹਾਦਰ ਦਰਬਾਰ' 'ਚ ਭਲਕੇ ਪਹਿਲੇ ਦਿਨ ਦੇ ਸਮਾਗਮ ਆਰੰਭ ਕੀਤੇ ਜਾਣਗੇ ।ਇਸ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਸਮਾਗਮ 'ਚ ਹਾਜ਼ਰ ਸੰਗਤਾਂ ਨੂੰ ਆਨਲਾਈਨ ਵੀਡਿਓ ਰਾਹੀਂ ਸੰਬੋਧਨ ਕਰਨਗੇ,ਜਦਕਿ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ, ਮਹਾਰਾਸ਼ਟਰ ਦੇ ਰਾਜਪਾਲ ਆਚਾਰੀਆ ਦੇਵਵ੍ਰਤ ਤੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ, ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰਭਾਈ ਪਟੇਲ, ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ, ਗੋਆ ਦੇ ਮੁੱਖ ਮੰਤਰੀ ਡਾ: ਪ੍ਰਮੋਦ ਸਾਵੰਤ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ,ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾਂ,ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ,ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਤੇ ਉਪ ਮੁੱਖ ਮੰਤਰੀ ਸੁਨੇਤਰਾ ਅਜੀਤ ਪਵਾਰ, ਗੁਜਰਾਤ ਦੇ ਉਪ ਮੁੱਖ ਮੰਤਰੀ ਹਰਸ਼ ਸੰਘਵੀ, ਤਾਮਿਲਨਾਡੂ ਤੋਂ ਭਾਜਪਾ ਨੇਤਾ ਅੰਨਾਮਾਲਾਈ, ਯੋਗ ਗੁਰੂ ਬਾਬਾ ਰਾਮਦੇਵ, ਬਾਗੇਸ਼ਵਰ ਧਾਮ ਪੀਠਾਧੀਸ਼ਵਰ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ, ਦੀਦੀ ਮਾਂ ਸਾਧਵੀ ਰਿਤੰਬਰਾ ਦੀ ਸਮਾਗਮਾਂ 'ਚ ਵਿਸ਼ੇਸ਼ ਸਮੂਲੀਅਤ ਰਹੇਗੀ। ਇਸ ਤੋਂ ਇਲਾਵਾ ਸਿੱਖ, ਸਿਕਲੀਗਰ, ਬੰਜਾਰਾ, ਲਬਾਣਾ, ਮੋਹਿਆਲ, ਸਿੰਧੀ, ਵਾਲਮੀਕਿ, ਉਦਾਸਾਲ ਅਤੇ ਭਗਤ ਨਾਮਦੇਵ ਸੰਪ੍ਰਦਾਇ ਦੇ ਭਾਈਚਾਰਿਆਂ ਦੇ ਸੰਤ ਤੇ ਰਾਗੀ ਜਥੇ ਵੀ ਮੌਜੂਦ ਰਹਿਣਗੇ।

'ਹਿੰਦ ਦੀ ਚਾਦਰ' ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਦੇ 350 ਸਾਲਾ ਸ਼ਹੀਦੀ ਗੁਰਪੁਰਬ ਤੇ ਸਾਹਿਬ ਸ੍ਰੀ ਗੁਰੁ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਨੂੰ ਸਮਰਪਿਤ ਖਾਰਗਰ ਨਵੀਂ ਮੁੰਬਈ ਦੇ ਉਵੇ ਮੈਦਾਨ ਵਿਖੇ 28 ਫਰਵਰੀ ਤੇ 1 ਮਾਰਚ ਨੂੰ ਹੋ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ ਤੋਂ ਪਹਿਲਾਂ ਅੱਜ ਗੁਰਦੁਆਰਾ ਸਿੰਘ ਸਭਾ ਬੇਲਾਪੁਰ ਤੋਂ ਸ਼ਾਮ 5 ਵਜੇ 'ਸ਼ਬਦ ਗੁਰੂ' ਧੰਨ ਧੰਨ ਸ੍ਰੀ ਗੁਰੁ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਅੰਦਰ ਇੱਕ ਸੁੰਦਰ ਤੇ ਆਲੌਕਿਕ ਨਗਰ ਕੀਰਤਨ ਸਜਾਇਆ ਗਿਆ ,ਜਿਸਦੀ ਸਮਾਪਤੀ ਰਾਤ 10 ਵਜੇ ਉਵੇ ਮੈਦਾਨ ਵਿਖੇ ਕੀਤੀ ਗਈ ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਰਾਮੇਸ਼ਵਰ ਨਾਇਕ,ਡਿਵਿਜ਼ਨਲ ਕਮਿਸ਼ਨਰ ਸ੍ਰੀ ਵਿਜੇ ਸੂਰਯਾਵੰਸ਼ੀ,ਚੇਅਰਮੈਨ ਭਾਈ ਜਸਪਾਲ ਸਿੰਘ ਸਿੱਧੂ,ਭਾਈ ਚਰਨਦੀਪ ਸਿੰਘ ਹੈਪੀ,ਗਿਆਨੀ ਸਾਹਬ ਸਿੰਘ,ਹਰਦੀਪ ਸਿੰਘ ਸੰਧੂ,ਮਲਕੀਤ ਸਿੰਘ ਬੱਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।



## ਗੁਰਤਾਗੱਦੀ ਸ਼ਤਾਬਦੀ ਨੂੰ ਸਮਰਪਿਤ 'ਨਗਾਰਾ ਫਤਿਹ ਦਾ' ਗੀਤ ਕੀਤਾ ਗਿਆ ਰਿਲੀਜ਼

ਖਾਰਘਰ ਵਿਖੇ ਹੋ ਰਹੇ ਸ਼ਤਾਬਦੀ ਸਮਾਗਮਾਂ ਮੌਕੇ ਅੱਜ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਨੂੰ ਸਮਰਪਿਤ ਧਾਰਮਿਕ ਗੀਤ 'ਨਗਾਰਾ ਫਤਹਿ ਦਾ' ਰਿਲੀਜ਼ ਕੀਤਾ ਗਿਆ ।ਗਾਇਕ ਮੰਨਾ ਮੰਡ ਦੀ ਖੁਦ ਦੀ ਲ਼ਿਖਤ ਤੇ ਗਿਰਮੋਹ ਦੇ ਮਿਊਜ਼ਿਕ ਨਾਲ ਸਜੇ ਇਸ ਗੀਤ ਦੀ ਘੁੰਡ ਚੁਕਾਈ ਸ੍ਰੀ ਮਤੀ ਮਾਧੁਰੀ ਮਿਸਾਲ ਮਿਨਿਸਟਰ ਆਫ ਸਟੇਟ ਫਾਰ ਅਰਬਨ ਡਿਵੈਲਪਮੈਂਟ ਆਫ ਮਹਾਰਾਸ਼ਟਰ ਵੱਲੋਂ ਕੀਤੀ ਗਈ ।ਇਸ ਦੌਰਾਨ ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ, ਸਿੱਖ ਸੁਪਰੀਮ ਕੌਂਸਲ ਆਫ ਗੁਰਦੁਆਰਾ ਨਵੀਂ ਮੁੰਬਈ ਦੇ ਚੇਅਰਮੈਨ ਭਾਈ ਜਸਪਾਲ ਸਿੰਘ ਸੰਧੂ,ਮਨਓਰਟੀ ਕਮਿਸ਼ਨ ਮਹਾਰਾਸ਼ਟਰ ਸਰਕਾਰ ਦੇ ਮੈਂਬਰ ਚਰਨਦੀਪ ਸਿੰਘ ਹੈਪੀ,ਹਰਦੀਪ ਸਿੰਘ ਸੰਧੂ,ਮਲਕੀਤ ਸਿੰਘ ਬੱਲ,ਸੁਖਵਿੰਦਰ ਸਿੰਘ ਸੋਨੂੰ ਸਟੇਜ ਸਕੱਤਰ,ਹੀਰਾ ਸਿੰਘ ਪੱਡਾ,ਗਿਆਨੀ ਸਾਹਬ ਸਿੰਘ,ਪ੍ਰਿੰ.ਹਰਸ਼ਦੀਪ ਸਿੰਘ ਤੇ ਡਾ.ਅਵਤਾਰ ਸਿੰਘ ਬੁੱਟਰ ਆਦਿ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਇਸਤੋਂ ਪਹਿਲਾਂ 8 ਦਸੰਬਰ 2025 ਨੂੰ ਨਗਾਪੁਰ ਵਿਖੇ ਹੋਏ ਸ਼ਤਾਬਦੀ ਸਮਾਗਮਾਂ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਵੀ ਸਮਰਪਿਤ ਧਾਰਮਿਕ ਗੀਤ 'ਹਿੰਦ ਦੀ ਚਾਦਰ' ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਰਿਲੀਜ਼ ਕੀਤਾ ਗਿਆ ਸੀ,ਜਿਸਨੂੰ ਪ੍ਰਸਿੱਧ ਪੰਜਾਬੀ ਸੂਫੀ ਗਾਇਕ ਸਤਿੰਦਰ ਸਰਤਾਜ ਨੇ ਲਿਖਿਆ ਤੇ ਗਾਇਆ ਸੀ।

ਇਸ ਮੌਕੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ 350 ਸਾਲਾ ਸ਼ਹੀਦੀ ਗੁਰਪੁਰਬ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਸਮਾਗਮਾਂ ਪ੍ਰਤੀ ਸਿਰਫ ਮਹਾਰਾਸ਼ਟਰ ਦੇ ਲੋਕ ਹੀ ਨਹੀਂ ਬਲਕਿ ਸਮੁੱਚੇ ਸੰਸਾਰ ਭਰ ਦੀਆਂ ਸੰਗਤਾਂ ਬੇਹੱਦ ਉਤਸ਼ਾਹ ਦਿਖਾ ਰਹੀਆਂ ਹਨ ਉਨ੍ਹਾਂ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਵੱਲੋਂ ਇਸ ਵਾਰ ਗੁਰੂ ਸਾਹਿਬ ਦੇ 350 ਸ਼ਤਾਬਦੀ ਸਮਾਗਮਾਂ ਨੂੰ ਬਹੁਤ ਹੀ ਸ਼ਰਧਾ ਭਾਵਨਾ ਨਾਲ ਤੇ ਰਾਜ ਪੱਧਰ 'ਤੇ ਬੜੀ ਹੀ ਵਿਸ਼ਾਲਤਾ ਨਾਲ ਮਨਾਇਆ ਜਾ ਰਿਹਾ ਹੈ ।ਇਸਤੋਂ ਪਹਿਲਾਂ ਨਾਗਪੁਰ ਤੇ ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਇਹ ਸ਼ਤਾਬਦੀ ਸਮਾਗਮ ਵੱਡੇ ਪੱਧਰ 'ਤੇ ਮਨਾਏ ਜਾ ਚੁੱਕੇ ਹਨ ਤੇ ਹੁਣ ਇਹ ਤੀਸਰੇ ਤੇ ਅੰਤਿਮ ਸ਼ਤਾਬਦੀ ਸਮਾਗਮ ਖਾਰਘਰ ਵਿਖੇ ਆਯੋਜਿਤ ਕੀਤੇ ਗਏ ਹਨ,ਜਿੱਥੇ 200 ਏਕੜ ਦੇ ਮੈਦਾਨ ਅੰਦਰ 20 ਲੱਖ ਸੰਗਤਾਂ ਲਈ ਵੱਡੇ ਪ੍ਰਬੰਧ ਕੀਤੇ ਗਏ ਹਨ ।ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਇੰਨ੍ਹਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦਾ ਮੁੱਖ ਮਕਸਦ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਧਰਮ ਆਜ਼ਾਦੀ, ਮਨੁੱਖਤਾ ਤੇ ਨਿਆਂ ਦਾ ਸੰਦੇਸ਼ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਹੈ ।ਉਨ੍ਹਾਂ ਨੇ ਸਮੂਹ ਸੰਗਤਾਂ ਨੂੰ ਇੰਨ੍ਹਾਂ ਸ਼ਤਾਬਦੀ ਸਮਾਗਮਾਂ 'ਚ ਹੁੰਮ ਹੁੰਮਾ ਕੇ ਵੱਡੀ ਗਿਣਤੀ 'ਚ ਪੁੱਜਣ ਦੀ ਅਪੀਲ ਕੀਤੀ।

# ਇੱਕ ਨਜ਼ਰ...



## ਪ੍ਰਿੰਸੀਪਲ ਵਿਨੀਤਾ ਅਨੰਦ ਦੀ ਅਗਵਾਈ 'ਚ ਸਰਕਾਰੀ ਕਾਲਜ ਮਹੈਣ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ

ਸ੍ਰੀ ਅਨੰਦਪੁਰ ਸਾਹਿਬ 27 ਫਰਵਰੀ ( ਆਵਾਜ਼ਿ ਕੌਮ ਬਿਊਰੋ)-ਇੱਥੋਂ ਦੇ ਨੇੜਲੇ ਪਿੰਡ ਮਹੈਣ ਵਿਖੇ ਚੱਲ ਰਹੇ ਸਰਕਾਰੀ ਕਾਲਜ ਦੇ ਪ੍ਰਿੰਸੀਪਲ ਵਿਨੀਤਾ ਅਨੰਦ ਦੀ ਅਗਵਾਈ ਅਧੀਨ ਪੰਜਾਬ ਸਰਕਾਰ ਦੀ ਨੈਸ਼ਨਲ ਟਾਸਕ ਫੋਰਸ ਮੁਹਿੰਮ ਤਹਿਤ ਆਤਮ ਹੱਤਿਆ ਦੀ ਵੱਧਦੀ ਹੋਈ ਪ੍ਰਵਿਰਤੀ ਵਿਰੁੱਧ ਜਾਗਰੂਕ ਸੈਮੀਨਾਰ ਕਰਵਾਇਆ ਗਿਆ ।ਪ੍ਰੋ: ਵਿਪਨ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸੈਮੀਨਾਰ ਵਿਚ ਪਹਿਲੇ ਸਥਾਨ ਤੇ ਆਉਣ ਵਾਲੀ ਬੀ. ਏ ਭਾਗ ਤੀਜਾ ਦੀ ਨਾਜੀਆ ਅਤੇ ਜੋਤੀ ਨੇ ਕਿਹਾ ਕਿ ਆਤਮ ਹੱਤਿਆ ਦਾ ਕਲੰਕ ਮਾਨਵੀ ਸਮਾਜ ਦਾ ਸਭ ਤੋਂ ਭਿਆਨਕ ਦੁੱਖ ਹੈ। ਦੇਸ਼ ਭਰ ਵਿਚ ਤੰਦਰੁਸਤ ਮਾਨਸਿਕ ਸਿਹਤ ਦੀ ਘਾਟ ਕਾਰਨ ਪ੍ਰਤੀ ਸਾਲ 13 892 ਵਿਦਿਆਰਥੀ ਅਤੇ 28 ਕਿਸਾਨ ਆਤਮ ਹੱਤਿਆ ਕਰ ਰਹੇ ਹਨ। ਸੰਨ 1995 ਤੋਂ ਲੈ ਕੇ 2019 ਤੱਕ 1.7 ਲੱਖ ਵਿਦਿਆਰਥੀਆਂ ਨੇ , ਸੰਨ 1995 ਤੋਂ 2023 ਤੱਕ 3.9 ਲੱਖ ਕਿਸਾਨਾਂ ਨੇ ਅਤੇ ਪਿਛਲੇ ਪੰਜ ਸਾਲਾਂ ਵਿਚ 819 ਸੁਰੱਖਿਆ ਬਲਾਂ ਦੇ ਜਵਾਨਾਂ ਨੇ ਆਤਮ ਹੱਤਿਆ ਕੀਤੀ ਹੈ। ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ ਦੇਸ਼ ਭਰ 'ਚ ਸਲਾਨਾ 1 ਲੱਖ ਤੋਂ ਵੱਧ ਮਰਦ ਅਤੇ 45 ਹਜਾਰ ਤੋਂ ਵੱਧ ਔਰਤਾਂ ਆਤਮ ਹੱਤਿਆ ਕਰ ਲੈਂਦੇ ਹਨ। ਦੂਜੇ ਨੰਬਰ ਤੇ ਆਉਣ ਵਾਲੀ ਵਾਲੀ ਬੀ. ਏ ਭਾਗ ਦੂਜਾ ਦੀ ਸਿਖਾ ਰਾਨੀ ਅਤੇ ਅਨੂੰ ਦੇਵੀ ਨੇ ਕਿਹਾ ਕਿ ਆਤਮ ਹੱਤਿਆ ਜੀਵਨ ਦੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਹੈ। ਆਤਮ ਹੱਤਿਆ ਕਰਨ ਵਾਲੇ ਦੇ ਪਰਿਵਾਰ ਨੂੰ ਉਸ ਤੋਂ ਬਾਅਦ ਉਸ ਦੀਆਂ ਸਮੱਸਿਆਵਾਂ ਨਾਲੋ 100 ਗੁਣਾ ਵੱਧ ਸਾਹਮਣਾ ਕਰਨਾ ਪੈਂਦਾ ਹੈ ਅਤੇ ਜੀਵਨ ਭਰ ਉਸਦੀ ਆਤਮਾ ਹੱਤਿਆ ਦੇ ਕਲੰਕ ਦੇ ਦੁੱਖ ਨੂੰ ਸਹਿਣ ਕਰਨਾ ਪੈਂਦਾ ਹੈ। ਮਾਨਵੀ ਜੀਵਨ ਬਹੁਕੀਮਤੀ ਹੈ , ਜੀਵਨ ਦੀਆਂ ਸਮੱਸਿਆਵਾਂ , ਦੁੱਖ ਅਤੇ ਤਣਾਅ ਜੀਵਨ ਤੋਂ ਕਦੇ ਵੀ ਵੱਡੇ ਨਹੀਂ ਹੋ ਸਕਦੇ ਅਤੇ ਤੰਦਰੁਸਤ ਮਾਨਸਿਕ ਸਿਹਤ , ਸਧਾਰਨ ਜੀਵਨ ਤੇ ਉੱਚੀ ਸੋਚ ਰੱਖਦੇ ਹੋਏ ਅਤੇ ਉੱਚੀਆਂ ਇੱਛਾਵਾਂ ਤੇ ਕਾਬੂ ਰੱਖ ਕੇ ਜੀਵਨ ਨੂੰ ਖੂਬਸੂਰਤ ਬਣਾਇਆ ਜਾ ਸਕਦਾ ਹੈ। ਤੀਜੇ ਨੰਬਰ ਤੇ ਆਉਣ ਵਾਲੀ ਬੀ.ਏ ਭਾਗ ਪਹਿਲਾ ਦੀ ਜਸਨਦੀਪ ਕੌਰ ਅਤੇ ਕਾਜਲ ਨੇ ਕਿਹਾ ਕਿ ਹਰੇਕ ਮਨੁੱਖ ਆਪਣੇ ਆਪ ਨੂੰ ਅਤੇ ਆਪਣੇ ਪਰਿਵਾਰ ਨੂੰ ਪਿਆਰ ਕਰੇ ਅਤੇ ਮਾਨਸਿਕ ਤੌਰ ਤੇ ਤੰਦਰੁਸਤ ਰਹੇ। ਮਨੁੱਖ ਦਾ ਜੀਵਨ ਸ਼ਿਰਫ ਉਸਦਾ ਆਪਣਾ ਹੀ ਨਹੀਂ ਹੁੰਦਾ ਸਗੋਂ ਉਸਦੇ ਪਰਿਵਾਰ ਅਤੇ ਸਮਾਜ ਦਾ ਵੀ ਹੁੰਦਾ ਹੈ । ਸਿਧਾਤਾਂ ਅਤੇ ਨਿਯਮਾਂ ਅਨੁਸਾਰ ਜੀਵਨ ਨਿਡਰ ਅਤੇ ਬਹਾਦਰ ਬਣਕੇ ਜਿਊਣਾ ਚਾਹੀਦਾ ਹੈ ਅਤੇ ਕਦੇ ਵੀ ਦੁੱਖਾਂ ਤੋਂ ਹਾਰ ਮੰਨ ਕੇ ਆਤਮ ਹੱਤਿਆ ਨਹੀਂ ਕਰਨੀ ਚਾਹੀਦੀ। ਆਤਮ ਹੱਤਿਆ ਦੀ ਸੋਚ ਨੂੰ ਖਤਮ ਕਰਨ ਲਈ ਸਮਾਜ ਵਿਚ ਪ੍ਰਚਾਰ ਜ਼ੋਰਦਾਰ ਪ੍ਰਚਾਰ ਕਰਨ ਦੀ ਲੋੜ ਹੈ। ਇਸ ਮੌਕੇ ਪ੍ਰੋ : ਸਰਨਦੀਪ ਨੇ ਕਿਹਾ ਕਿ ਆਤਮ ਹੱਤਿਆ ਇਕ ਗੰਭੀਰ ਬੁਰਾਈ ਹੈ ਅਤੇ ਆਤਮ ਹੱਤਿਆ ਦੀ ਸੋਚ ਦੀ ਬੁਰਾਈ ਨੂੰ ਖਤਮ ਕਰਨ ਲਈ ਅੱਜ ਸਮਾਜ ਦੇ ਹਰ ਨਾਗਰਿਕ ਨੂੰ ਅੱਗੇ ਆਉਣ ਦੀ ਮੌਲਿਕ ਲੋੜ ਹੈ।

**ਮਾਮਲਾ ਸ਼ੇਰੋਂ ਖੰਡ ਮਿੱਲ ਤੋਂ ਕਿਸਾਨਾਂ ਦੀ ਗ੍ਰਿਫ਼ਤਾਰੀ ਦਾ**

## ਗ੍ਰਿਫ਼ਤਾਰ ਕਿਸਾਨ ਰਿਹਾਅ ਕਰੋ, ਖੰਡ ਮਿੱਲ ਚਾਲੂ ਕਰੋ: ਸੁਖਦੇਵ ਮਾਣੋਚਾਹਲ



ਸਰਾਏ ਅਮਾਨਤ ਖਾਂ 27 ਫਰਵਰੀ ( ਆਵਾਜ਼ਿ ਕੌਮ ਬਿਊਰੋ)-ਕੁੱਲ ਹਿੰਦ ਕਿਸਾਨ ਸਭਾ ਬ੍ਰਾਂਚ ਮਾਨੋਚਾਹਲ ਵੱਲੋਂ ਸਯੁੰਕਤ ਕਿਸਾਨ ਮੋਰਚਾ ਦੇ ਸੱਦੇ ਤੇ ਅੱਜ ਪਿੰਡ ਮਾਨੋਚਾਹਲ ਅੱਡੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਇਸ ਵਿੱਚ ਸ਼ੇਰੋਂ ਖੰਡ ਮਿੱਲ ਚਾਲੂ ਕਰਾਉਣ ਲਈ ਦਿੱਤੇ ਜਾ ਰਹੇ ਧਰਨੇ ਤੋਂ ਕਿਸਾਨਾਂ ਦੀ ਗ੍ਰਿਫ਼ਤਾਰੀ ਵਿਰੁੱਧ ਇਹ ਐਕਸ਼ਨ ਕੀਤਾ ਗਿਆ। ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਸਭਾ ਦੇ ਮੀਤ ਸਕੱਤਰ ਸੁਖਦੇਵ ਸਿੰਘ ਮਾਨੋਚਾਹਲ, ਸਥਾਨਿਕ ਆਗੂ ਜੋਗਾ ਸਿੰਘ, ਅਰਜਿੰਦਰ ਸਿੰਘ,ਵੀਰ ਸਿੰਘ, ਸੁੱਖਾ ਸਿੰਘ ਨੇ ਕਿਹਾ ਕਿ ਬਹੁਤ ਸਾਲ ਪਹਿਲਾਂ ਪਿੰਡ ਸ਼ੇਰੋਂ ਦੀ ਇੱਕ ਸੌ ਏਕੜ ਜ਼ਮੀਨ ਬਹੁਤ ਸਸਤੇ ਰੇਟ ਤੇ ਲੈਕੇ ਖੰਡ ਮਿੱਲ ਚਾਲੂ ਕੀਤੀ ਗਈ ਸੀ ।ਇਸ ਮਿੱਲ ਨੇ ਲਗਾਤਾਰ ਸਰਕਾਰ ਨੂੰ ਮੁਨਾਫਾ ਦਿੱਤਾ। ਜਦੋਂ ਮਿੱਲ ਬੰਦ ਕੀਤੀ ਗਈ ਉਦੋਂ ਵੀ ਮੁਨਾਫ਼ੇ ਵਿੱਚ ਸੀ। ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸਦਾ ਕਾਫ਼ੀ ਫਾਇਦਾ ਸੀ। ਸਾਡੇ ਪਿੰਡ ਤੋਂ ਵੀ ਇੱਥੇ ਕਾਫ਼ੀ ਗੰਨਾ ਜਾਂਦਾ ਸੀ। ਮਜ਼ਦੂਰ ਪਰਿਵਾਰਾਂ ਨੂੰ ਵੀ ਗੰਨਾ ਖੇਤਾਂ ਚੋਂ ਕੱਟਣ ਤੋਂ ਲੈਕੇ ਮਿੱਲ ਦੀ ਢੋਆ ਢੁਆਈ ਅਤੇ ਖੰਡ ਬਣਨ ਤੱਕ ਕੰਮ ਮਿਲਦਾ ਸੀ। ਇਹ ਵੀ ਜ਼ਿਕਰਯੋਗ ਹੈ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਖੇਤੀ ਅਧਾਰਿਤ ਸਿਰਫ਼ ਤੇ ਸਿਰਫ਼ ਇਹ ਇੱਕੋ ਇੱਕ ਮਿੱਲ ਸੀ। ਮੌਜੂਦਾ ਸਰਕਾਰ ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਇਹ ਮਿੱਲ ਮੁੜ ਸ਼ੁਰੂ ਕੀਤੀ ਜਾਵੇਗੀ। ਪਰ ਹੁਣ ਕਿਸਾਨਾਂ ਦੀ ਸਲਾਹ ਬਿਨਾਂ ਇਸਦੀ ਕੀਮਤੀ ਜ਼ਮੀਨ ਘੱਟੇ ਕੌਡੀਆਂ ਕੀਤੀ ਜਾ ਰਹੀ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243